ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 8 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ 2 ਆਗੂਆਂ ਨੂੰ ਪੰਜਾਬ ਪੁਲਸ ਨੇ ਕੀਤਾ ਡਿਟੇਨ ! ਦੇਰ ਸ਼ਾਮ ਕੀਤਾ ਰਿਹਾਅ

**ਸੰਗਰੂਰ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਰਾਜਵੀਰ ਸਿੰਘ ਘੁੰਮਣ ਦੇ ਪਿੰਡ ਘਰਾਚੋਂ ਸਥਿਤ ਘਰ 'ਤੇ ਮੰਗਲਵਾਰ ਦੇਰ ਰਾਤ ਸੀ.ਬੀ.ਆਈ. ਵੱਲੋਂ ਕੀਤੀ ਗਈ ਰੇਡ ਦੌਰਾਨ ਉਸ ਸਮੇਂ ਸਿਆਸੀ ਮਾਹੌਲ ਗਰਮਾ ਗਿਆ ਜਦੋਂ ਸੀ.ਬੀ.ਆਈ. ਦੀ ਘਰ ਦੇ ਬਾਹਰ ਖੜ੍ਹੀ ਕਾਰ 'ਤੇ ਵਾਰਸ ਪੰਜਾਬ ਦੇ ਆਗੂਆਂ ਨੇ ਢੋਲ ਢਮੱਕਿਆ ਨਾਲ ਫੁੱਲਾਂ ਦੀ ਵਰਖਾ ਕਰ ਕੇ ਰੇਡ ਦਾ 'ਸੁਆਗਤ' ਕੀਤਾ। ਇਸ ਮਾਮਲੇ 'ਚ ਵਾਰਸ ਪੰਜਾਬ ਦੇ ਸੰਗਰੂਰ ਤੋਂ ਮੁੱਖ ਆਗੂ ਚਮਨਦੀਪ ਸਿੰਘ ਮਿਲਖੀ ਅਤੇ ਐੱਮ.ਸੀ. ਵਿਜੇ ਲੰਕੇਸ਼ ਨੂੰ ਪੁਲਿਸ ਵੱਲੋਂ ਕਥਿਤ ਤੌਰ 'ਤੇ ਹਿਰਾਸਤ 'ਚ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਅਨੁਸਾਰ ਅੱਜ ਸਵੇਰੇ ਸਿਵਲ ਵਰਦੀ 'ਚ ਪੁਲਿਸ ਮੁਲਾਜ਼ਮ ਦੋਵਾਂ ਆਗੂਆਂ ਦੇ ਘਰ ਪੁੱਜੇ ਅਤੇ ਉਨ੍ਹਾਂ ਨੂੰ ਆਪਣੇ ਨਾਲ ਲੈ ਗਏ। ਜਾਣਕਾਰੀ ਅਨੁਸਾਰ ਮੰਗਲਵਾਰ ਰਾਤ ਜਦੋਂ ਸੀ.ਬੀ.ਆਈ. ਦੀ ਟੀਮ ਰਾਜਵੀਰ ਸਿੰਘ ਘੁੰਮਣ ਦੇ ਘਰ ਅੰਦਰ ਜਾਂਚ-ਪੜਤਾਲ ਕਰ ਰਹੀ ਸੀ ਤਾਂ ਸੀ.ਬੀ.ਆਈ. ਦੀ ਕਾਰ ਬਾਹਰ ਖੜ੍ਹੀ ਸੀ। ਇਸੇ ਦੌਰਾਨ ਚਮਨਦੀਪ ਸਿੰਘ ਮਿਲਖੀ ਅਤੇ ਵਿਜੇ ਲੰਕੇਸ਼ ਵੱਲੋਂ ਕਾਰ 'ਤੇ ਫੁੱਲ ਸੁੱਟਦਿਆਂ ਸੀ.ਬੀ.ਆਈ. ਦੀ ਕਾਰਵਾਈ ਦਾ ਵਿਲੱਖਣ ਢੰਗ ਨਾਲ ਸੁਆਗਤ ਕੀਤਾ ਗਿਆ। ਦੇਰ ਸ਼ਾਮ ਮਿਲੀ ਜਾਣਕਾਰੀ ਅਨੁਸਾਰ ਦੋਹਾਂ ਆਗੂਆਂ ਨੂੰ ਰਿਹਾਅ ਕਰ ਦਿੱਤਾ ਗਿਆ।

## ਮੁੱਖ ਮੰਤਰੀ ਦੇ ਓਐਸਡੀ ਰਾਜਬੀਰ ਘੁੰਮਣ ਸਣੇ 6 ਲੋਕਾਂ ਖਿਲਾਫ਼

# ਸੀਬੀਆਈ ਨੇ 251 ਪੰਨਿਆਂ ਦੀ ਐਫਆਈਆਰ ਕੀਤੀ ਦਰਜ




**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਪੰਜਾਬ ਵਿਚ ਬੀਤੇ ਦਿਨੀਂ ਮੁੱਖ ਮੰਤਰੀ ਮਾਨ ਦੇ ਓਐਸਡੀ ਦੇ ਟਿਕਾਣਿਆਂ 'ਤੇ ਰੇਡ ਕੀਤੀ ਗਈ ਹੈ ਤੇ ਉਸ ਮਗਰੋਂ ਸੀਬੀਆਈ ਨੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਨੂੰ ਸੰਮਨ ਜਾਰੀ ਕੀਤਾ ਹੈ। ਉਸ ਤੋਂ ਪਹਿਲਾਂ ਸਵੇਰੇ 11 ਵਜੇ ਚੰਡੀਗੜ੍ਹ ਸਥਿਤ ਸੀਬੀਆਈ ਦਫਤਰ ਵਿਚ ਪੇਸ਼ ਹੋਣ ਲਈ ਕਿਹਾ ਗਿਆ ਸੀ ਪਰ ਸਮੇਂ ਸਿਰ ਨਾ ਪਹੁੰਚਣ ਤੋਂ ਬਾਅਦ ਉਨ੍ਹਾਂ ਨੂੰ ਬੁਲਾਇਆ ਗਿਆ ਹੈ। ਉਨ੍ਹਾਂ ਤੋਂ ਈਡੀ ਵੱਲੋਂ ਲਗਾਏ ਗਏ ਦੋਸ਼ਾਂ ਬਾਰੇ ਪੁੱਛਗਿਛ ਕੀਤੀ ਜਾਵੇਗੀ ਜਿਸ ਵਿਚ ਤਬਾਦਲਿਆਂ ਤੇ ਤਾਇਨਾਤੀਆਂ ਲਈ ਨਕਦੀ ਤੇ ਸਰਕਾਰੀ ਟੈਂਡਰਾਂ ਵਿਚ ਦਖਲਅੰਦਾਜ਼ੀ ਸ਼ਾਮਲ ਹੈ। ਹੁਣ ਇਸ ਮਾਮਲੇ ਨਾਲ ਜੁੜੀ ਹੋਈ ਨਵੀਂ ਅਪਡੇਟ ਸਾਹਮਣੇ ਆ ਰਹੀ ਹੈ ਕਿ ਰਾਜਬੀਰ ਘੁੰਮਣ ਸਣੇ 6 ਲੋਕਾਂ 'ਤੇ ਐੱਫਆਈਆਰ ਦਰਜ ਕੀਤੀ ਗਈ ਹੈ। ਸੀਬੀਆਈ ਨੇ 251 ਪੰਨ੍ਹਿਆਂ ਦੀ ਐਫਆਈਆਰ ਦਰਜ ਕੀਤੀ ਹੈ। ਐਫਆਈਆਰ ਦੀ ਕਾਪੀ ਵੀ ਸਾਹਮਣੇ ਆਈ ਹੈ ਤੇ ਇਥੇ ਇਹ ਵੀ ਦੱਸਣਯੋਗ ਹੈ ਕਿ ਸੀਬੀਆਈ ਨੇ ਕੱਲ੍ਹ ਕਰੀਬ 7-8 ਘੰਟੇ ਰੇਡ ਕੀਤੀ ਸੀ। ਸੀਬੀਆਈ ਟੀਮਾਂ ਨੇ ਚੰਡੀਗੜ੍ਹ ਦੀਆਂ 8 ਥਾਵਾਂ ਦੇ ਨਾਲ-ਨਾਲ ਮੋਹਾਲੀ, ਗੁਰਦਾਸਪੁਰ, ਲੁਧਿਆਣਾ, ਪਟਿਆਲਾ, ਸੰਗਰੂਰ ਤੇ ਜਲੰਧਰ ਦੀ ਤਲਾਸ਼ੀ ਲਈ। ਟੀਮ ਨੇ ਦਸਤਾਵੇਜ਼, ਲੈਪਟਾਪ ਤੇ ਮੋਬਾਈਲ ਫੋਨ ਜ਼ਬਤ ਕੀਤੇ ਤੇ ਛਾਪੇਮਾਰੀ ਦੇਰ ਰਾਤ 11 ਵਜੇ ਤੱਕ ਜਾਰੀ ਰਹੀ। ਇਹ ਕਾਰਵਾਈ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਤੋਂ ਬਾਅਦ ਕੀਤੀ ਗਈ ਸੀ। ਈਡੀ ਨੇ ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਨੂੰ ਮੁੱਖ ਦੋਸ਼ੀ ਵਜੋਂ ਨਾਮਜ਼ਦ ਕੀਤਾ ਹੈ।

## ਗਮਾਡਾ ਦੇ ਦਫਤਰ 'ਚ 54 ਦੀ ਛਾਪੇਮਾਰੀ ਵਿਰੁੱਧ ਪੰਜਾਬ ਸਰਕਾਰ ਨੇ ਖੜਕਾਇਆ ਹਾਈਕੋਰਟ ਦਾ ਦਰਵਾਜ਼ਾ

**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਪੰਜਾਬ ਸਰਕਾਰ ਨੇ ਗਮਾਡਾ ਦੇ ਦਫਤਰ 'ਚ ਈ. ਡੀ. ਦੀ ਰੇਡ ਖਿਲਾਫ ਅੱਜ ਪੰਜਾਬ ਹਰਿਆਣਾ ਹਾਈਕੋਰਟ ਦਾ ਰੁਖ ਕੀਤਾ ਹੈ। ਪੰਜਾਬ ਸਰਕਾਰ ਦਾ ਕਹਿਣਾ ਹੈ ਕਿ ਗਮਾਡਾ ਦੇ ਦਫਤਰ 'ਚ 54 ਦੀ ਰੇਡ ਪੂਰੀ ਤਰ੍ਹਾਂ ਨਾਲ ਗੈਰ ਕਾਨੂੰਨੀ ਸੀ। ਇਸ ਰੇਡ ਦੌਰਾਨ 54 ਕਈ ਮਹੱਤਵਪੂਰਨ ਦਸਤਾਵੇਜ਼ ਚੁੱਕ ਕੇ ਆਪਣੇ ਨਾਲ ਲੈ ਗਈ ਸੀ। ਸੀਨੀਅਰ ਅਧਿਕਾਰੀਆਂ ਦੇ ਮੋਬਾਈਲ ਫ਼ੋਨਾਂ ਤੇ ਹੋਰ ਇਲੈਕਟ੍ਰਾਨਿਕ ਉਪਕਰਨਾਂ ਦਾ ਡਾਟਾ ਕਾਪੀ ਕੀਤਾ ਗਿਆ ਸੀ। ਪੰਜਾਬ ਸਰਕਾਰ ਵਲੋਂ ਪਟੀਸ਼ਨ 'ਚ ਮੰਗ ਕੀਤੀ ਗਈ ਹੈ ਕਿ ਤਲਾਸ਼ੀ ਅਤੇ ਸਰਵੇਖਣ ਦੀਆਂ ਮਨਜ਼ੂਰੀਆਂ ਰੱਦ ਕੀਤੀਆਂ ਜਾਣ। ਜੋ ਦਸਤਾਵੇਜ 54 ਆਪਣੇ ਨਾਲ ਲੈ ਕੇ ਗਈ,



ਉਨ੍ਹਾਂ ਦੇ ਆਧਾਰ 'ਤੇ ਕਿਸੇ ਵੀ ਕਿਸਮ ਦੀ ਕਾਰਵਾਈ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਗਈ ਹੈ। ਈਡੀ ਵੱਲੋਂ ਕਾਪੀ ਕੀਤੇ ਡਾਟੇ ਦੀ ਵਰਤੋਂ 'ਤੇ ਵੀ ਰੋਕ ਦੀ ਗੱਲ ਕਹੀ ਗਈ ਹੈ। ਪਟੀਸ਼ਨ 'ਚ ਈਡੀ ਵੱਲੋਂ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਸੀਨੀਅਰ ਅਧਿਕਾਰੀਆਂ ਨੂੰ ਹਿਰਾਸਤ 'ਚ ਰੱਖੇ ਜਾਣ ਖ਼ਿਲਾਫ਼ ਵੀ ਦਲੀਲ ਦਿੱਤੀ ਗਈ ਹੈ। ਦੱਸ ਦੇਈਏ ਕਿ ਬੀਤੀ 22 ਤੋਂ 24 ਸਤੰਬਰ ਤੱਕ 54 ਵਲੋਂ ਗਮਾਡਾ ਦੇ ਮੋਹਾਲੀ ਸਥਿਤ ਦਫਤਰ 'ਚ ਰੇਡ ਕੀਤੀ ਗਈ ਸੀ। ਉਸ ਸਮੇਂ ਵੀ ਪੰਜਾਬ ਸਰਕਾਰ ਨੇ ਹਾਈਕੋਰਟ 'ਚ ਪਟੀਸ਼ਨ ਪਾ ਕੇ ਕਿਹਾ ਸੀ ਕਿ 54 ਨੇ ਗਮਾਡਾ ਦੇ ਦਫਤਰ 'ਚ ਰੇਡ ਦੌਰਾਨ ਕਈ ਵੱਡੇ ਅਧਿਕਾਰੀਆਂ ਨੂੰ ਬੰਦੀ ਬਣਾ ਕੇ ਰਖਿਆ ਹੋਇਆ ਹੈ। ਜਿਸ ਤੋਂ ਬਾਅਦ ਹਾਈਕੋਰਟ ਨੇ ਵਾਰੰਟ ਅਫਸਰ ਨਿਯੁਕਤ ਕੀਤਾ ਅਤੇ ਅਗਲੇ ਦਿਨ ਵਾਰੰਟ ਅਫਸਰ ਨੇ ਰਿਪੋਰਟ ਦੇ ਕੇ ਪੰਜਾਬ ਸਰਕਾਰ ਦੇ ਇਸ ਦਾਅਵੇ ਨੂੰ ਖਾਰਿਜ ਕਰ ਦਿੱਤਾ। ਉਸ ਵੇਲੇ ਪੰਜਾਬ ਸਰਕਾਰ ਨੇ ਪਟੀਸ਼ਨ ਵਾਪਿਸ ਲੈ ਲਈ ਸੀ। ਪਰ ਹੁਣ ਇਕ ਵਾਰ ਫਿਰ ਪੰਜਾਬ ਸਰਕਾਰ ਤੇ ਗਮਾਡਾ ਨੇ ਉਸ ਰੇਡ ਦੇ ਖਿਲਾਫ ਹਾਈਕੋਰਟ 'ਚ ਪਟੀਸ਼ਨ ਦਾਇਰ ਕੀਤੀ ਹੈ।

## ਦਿੱਲੀ ਦੇ ਸੀਮਾਪੁਰੀ ਵਿੱਚ 4 ਮੰਜ਼ਿਲਾ ਇਮਾਰਤ ਡਿੱਗੀ , ਕਈਆਂ ਦੇ ਫਸੇ ਹੋਣ ਦਾ ਖਦਸ਼ਾ, ਬਚਾਅ ਕਾਰਜ ਜਾਰੀ



**ਨਵੀਂ ਦਿੱਲੀ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਉੱਤਰ-ਪੂਰਬੀ ਦਿੱਲੀ ਦੇ ਸੀਮਾਪੁਰੀ ਖੇਤਰ ਵਿੱਚ ਅੱਜ ਇੱਕ ਚਾਰ ਮੰਜ਼ਿਲਾ ਇਮਾਰਤ ਢਹਿ ਗਈ, ਜਿਸ ਕਾਰਨ ਕਈ ਲੋਕਾਂ ਦੇ ਮਲਬੇ ਹੇਠ ਫਸਣ ਦਾ ਖਦਸ਼ਾ ਹੈ। ਜਿਸਦੀ ਜਾਣਕਾਰੀ ਅਧਿਕਾਰੀਆਂ ਵਲੋਂ ਦਿੱਤੀ ਗਈ। ਮਲਬਾ ਨੇੜਲੇ ਦੋ ਜਾਂ ਤਿੰਨ ਘਰਾਂ ਦੇ ਹਿੱਸਿਆਂ 'ਤੇ ਵੀ ਡਿੱਗਿਆ। ਦਿੱਲੀ ਫਾਇਰ ਸਰਵਿਸ ਨੂੰ ਦੁਪਹਿਰ 3:30 ਵਜੇ ਦੇ ਕਰੀਬ ਇਮਾਰਤ ਢਹਿਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਫਾਇਰ ਟੈਂਡਰ ਮੌਕੇ 'ਤੇ ਭੇਜੇ ਗਏ। ਦਿੱਲੀ ਪੁਲਿਸ, ਨਗਰ ਨਿਗਮ ਦੇ ਅਧਿਕਾਰੀ ਅਤੇ ਸਿਵਲ ਡਿਫੈਂਸ ਕਰਮਚਾਰੀ ਵੀ ਮੌਕੇ 'ਤੇ ਪਹੁੰਚ ਗਏ ਅਤੇ ਖੋਜ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਸ਼ਾਹਦਰਾ ਦੇ ਡਿਪਟੀ ਕਮਿਸ਼ਨਰ ਆਫ਼ ਪੁਲਿਸ ਰਾਜੇਂਦਰ ਪ੍ਰਸਾਦ ਮੀਣਾ ਨੇ ਕਿਹਾ ਕਿ ਕੁਝ ਲੋਕਾਂ ਨੂੰ ਬਚਾ ਕੇ ਹਸਪਤਾਲ ਭੇਜਿਆ ਗਿਆ ਹੈ, ਜਦੋਂ ਕਿ ਦੋ ਜਾਂ ਤਿੰਨ ਲੋਕਾਂ ਦੇ ਅਜੇ ਵੀ ਮਲਬੇ ਹੇਠ ਫਸੇ ਹੋਣ ਦਾ ਖ਼ਦਸ਼ਾ ਹੈ। ਉਨ੍ਹਾਂ ਕਿਹਾ ਕਿ "ਇਹ 225 ਵਰਗ ਫੁੱਟ ਦੇ ਖੇਤਰ ਵਿੱਚ ਬਣੀ ਚਾਰ ਮੰਜ਼ਿਲਾ ਇਮਾਰਤ ਹੈ। ਕੁਝ ਲੋਕਾਂ ਨੂੰ ਬਚਾ ਕੇ ਹਸਪਤਾਲ ਭੇਜਿਆ ਗਿਆ ਹੈ, ਪਰ ਸਾਨੂੰ ਡਰ ਹੈ ਕਿ ਦੋ ਜਾਂ ਤਿੰਨ ਲੋਕ ਅਜੇ ਵੀ ਮਲਬੇ ਹੇਠ ਫਸੇ ਹੋਏ ਹਨ। ਬਚਾਅ ਕਾਰਜ ਜਾਰੀ ਹੈ।÷ ਇੱਕ ਸਥਾਨਕ ਨਿਵਾਸੀ ਨੇ ਦੱਸਿਆ ਕਿ ਨੇੜਲੇ ਨਿਵਾਸੀਆਂ ਨੇ ਚਾਰ ਜਾਂ ਪੰਜ ਲੋਕਾਂ ਨੂੰ ਮਲਬੇ ਤੋਂ ਬਾਹਰ ਕੱਢਿਆ ਅਤੇ ਉਨ੍ਹਾਂ ਨੂੰ ਹਸਪਤਾਲ ਪਹੁੰਚਾਇਆ ਜਦੋਂ ਕਿ ਬਚਾਅ ਕਾਰਜ ਚੱਲ ਰਹੇ ਸਨ। "ਪੁਲਿਸ ਲਗਭਗ ਅੱਧੇ ਘੰਟੇ ਬਾਅਦ ਪਹੁੰਚੀ। ਇੱਕ ਬੱਚਾ ਅਜੇ ਵੀ ਫਸਿਆ ਹੋਇਆ ਹੈ ਅਤੇ ਕੁਝ ਲੋਕਾਂ ਨੂੰ ਸਥਾਨਕ ਲੋਕਾਂ ਨੇ ਬਚਾਇਆ ਅਤੇ ਹਸਪਤਾਲ ਪਹੁੰਚਾਇਆ। ਮੈਂ ਖੁਦ ਸੀਪੀਆਰ ਦਿੱਤਾ। ਦੋ ਜਾਂ ਤਿੰਨ ਲੋਕਾਂ ਨੂੰ ਹਸਪਤਾਲ ਭੇਜਿਆ ਗਿਆ। ਸਥਾਨਕ ਲੋਕਾਂ ਦਾ ਦਾਅਵਾ ਹੈ ਕਿ ਮੰਗਲਵਾਰ ਰਾਤ ਨੂੰ ਉੱਤਰਾਖੰਡ 'ਚ ਆਏ ਭੂਚਾਲ ਦੇ ਝਟਕਿਆ ਕਾਰਨ ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ (ਐਨਸੀਆਰ) ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਜਾਣ ਤੋਂ ਬਾਅਦ ਇਮਾਰਤ ਵਿੱਚ ਤਰੇੜਾਂ ਆ ਗਈਆਂ ਸੀ। ਹਾਲਾਂਕਿ, ਅਧਿਕਾਰੀਆਂ ਨੇ ਕਿਹਾ ਕਿ ਡਿੱਗਣ ਦਾ ਅਸਲ ਕਾਰਨ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ। ਦਿੱਲੀ ਟ੍ਰੈਫਿਕ ਪੁਲਿਸ ਨੇ ਇੱਕ ਐਡਵਾਈਜ਼ਰੀ ਜਾਰੀ ਕਰਕੇ ਲੋਕਾਂ ਨੂੰ ਸੀਮਾਪੁਰੀ ਖੇਤਰ ਤੋਂ ਬਚਣ ਲਈ ਕਿਹਾ ਹੈ। ਸੀਮਾਪੁਰੀ ਚੌਂਕ, ਡੀਐਲਐਫ ਭੋਪੁਰਾ ਅਤੇ ਆਲੇ ਦੁਆਲੇ ਦੀਆਂ ਸੜਕਾਂ 'ਤੇ ਆਵਾਜਾਈ ਪ੍ਰਭਾਵਿਤ ਹੋਈ ਹੈ।

## ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ 'ਚ ਸੁਪਰੀਮ ਕੋਰਟ ਸਖ਼ਤ, 28 ਅਕਤੂਬਰ ਨੂੰ ਸਭ ਤੋਂ ਪਹਿਲਾਂ ਹੋਵੇਗੀ ਮਾਮਲੇ ਦੀ ਸੁਣਵਾਈ

**ਨਵੀਂ ਦਿੱਲੀ 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਸੁਪਰੀਮ ਕੋਰਟ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦੀ ਮੰਗ ਵਾਲੀ ਐਸਜੀਪੀਸੀ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਲਈ ਵੱਡਾ ਕਦਮ ਚੁੱਕਦਿਆਂ ਮਾਮਲੇ ਨੂੰ 28 ਅਕਤੂਬਰ 2026 ਨੂੰ ਬੋਰਡ ਦੇ ਸਭ ਤੋਂ ਉੱਪਰ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਤਿੰਨ ਮੈਂਬਰੀ ਬੈਂਚ—ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ



ਮਹਿਤਾ ਅਤੇ ਜਸਟਿਸ ਅਪਰੇਸ਼ ਕੁਮਾਰ ਸਿੰਘ—ਅੱਗੇ ਸੁਣਵਾਈ ਦੌਰਾਨ ਭਾਈ ਰਾਜੋਆਣਾ ਵੱਲੋਂ ਪੇਸ਼ ਵਕੀਲ ਨੇ ਸਾਲਾਂ ਤੋਂ ਮਾਮਲੇ ਨੂੰ ਮਿਲ ਰਹੀਆਂ ਲਗਾਤਾਰ ਤਾਰੀਖਾਂ ਅਤੇ ਦੇਰੀ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਇਆ। ਕੇਂਦਰ ਵੱਲੋਂ ਐਡੀਸ਼ਨਲ ਸਾਲਿਸਟਰ ਜਨਰਲ ਕੇ.ਐਮ. ਨਟਰਾਜ ਨੇ ਕੁਝ ਹੋਰ ਸਮੇਂ ਦੀ ਮੋਹਲਤ ਮੰਗੀ, ਪਰ ਅਦਾਲਤ ਨੇ ਅਗਲੀ ਸੁਣਵਾਈ ਲਈ 28 ਅਕਤੂਬਰ ਦੀ ਤਾਰੀਖ ਤੈਅ ਕਰਦਿਆਂ ਮਾਮਲੇ ਨੂੰ ਬੋਰਡ ਦੇ ਸਿਖਰ 'ਤੇ ਲਾਉਣ ਦਾ ਹੁਕਮ ਦਿੱਤਾ। ਭਾਈ ਬਲਵੰਤ ਸਿੰਘ ਰਾਜੋਆਣਾ 1995 ਵਿੱਚ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰ ਵਿਅਕਤੀਆਂ ਦੀ ਚੰਡੀਗੜ੍ਹ ਸਿਵਲ ਸਕੱਤਰੇਤ ਦੇ ਬਾਹਰ ਹੋਏ ਬੰਬ ਧਮਾਕੇ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਸਨ। 2007 ਵਿੱਚ ਵਿਸ਼ੇਸ਼ ਅਦਾਲਤ ਨੇ ਉਨ੍ਹਾਂ ਨੂੰ ਮੌਤ ਦੀ ਸਜ਼ਾ ਸੁਣਾਈ ਸੀ। ਇਸ ਤੋਂ ਬਾਅਦ ਮਾਰਚ 2012 ਵਿੱਚ ਐਸਜੀਪੀਸੀ ਨੇ ਸੰਵਿਧਾਨ ਦੀ ਧਾਰਾ 72 ਤਹਿਤ ਉਨ੍ਹਾਂ ਦੀ ਰਹਿਮ ਦੀ ਅਪੀਲ ਦਾਇਰ ਕੀਤੀ, ਪਰ 14 ਸਾਲ ਬੀਤ ਜਾਣ ਦੇ ਬਾਵਜੂਦ ਇਸ 'ਤੇ ਅੰਤਿਮ ਫੈਸਲਾ ਨਹੀਂ ਹੋ ਸਕਿਆ। ਇਸੇ ਲੰਬੀ ਅਤੇ ਅਸਾਧਾਰਨ ਦੇਰੀ ਨੂੰ ਆਧਾਰ ਬਣਾਉਂਦਿਆਂ ਐਸਜੀਪੀਸੀ ਨੇ ਸੁਪਰੀਮ ਕੋਰਟ ਦਾ ਰੁਖ ਕਰਦਿਆਂ ਭਾਈ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਹੈ। ਜ਼ਿਕਰਯੋਗ ਹੈ ਕਿ ਭਾਈ ਰਾਜੋਆਣਾ ਪਿਛਲੇ 29 ਸਾਲ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਬੰਦ ਹਨ, ਜਦਕਿ 15 ਸਾਲ ਤੋਂ ਵੱਧ ਸਮੇਂ ਤੋਂ ਉਨ੍ਹਾਂ ਦੇ ਸਿਰ 'ਤੇ ਮੌਤ ਦੀ ਸਜ਼ਾ ਲਟਕ ਰਹੀ ਹੈ। ਸੁਪਰੀਮ ਕੋਰਟ ਪਹਿਲਾਂ ਵੀ ਕੇਂਦਰ ਸਰਕਾਰ ਨੂੰ ਰਹਿਮ ਦੀ ਅਪੀਲ 'ਤੇ ਫੈਸਲਾ ਕਰਨ ਲਈ ਕਈ ਮੌਕੇ ਦੇ ਚੁੱਕੀ ਹੈ। ਹੁਣ ਅਦਾਲਤ ਵੱਲੋਂ ਮਾਮਲੇ ਨੂੰ 28 ਅਕਤੂਬਰ ਨੂੰ ਬੋਰਡ ਦੇ ਸਿਖਰ 'ਤੇ ਰੱਖਣ ਨਾਲ ਭਾਈ ਰਾਜੋਆਣਾ ਦੀ ਸਜ਼ਾ ਅਤੇ ਲੰਬਿਤ ਰਹਿਮ ਦੀ ਅਪੀਲ ਦਾ ਮਾਮਲਾ ਇੱਕ ਵਾਰ ਮੁੜ ਕੇਂਦਰ ਵਿੱਚ ਆ ਗਿਆ ਹੈ।

## 7-8 ਘੰਟੇ ਫਰੋਲਨ ਮਗਰੋਂ ਕਲੀਨ ਚਿੱਟ ਦੇ ਕੇ ਚਲੀ ਗਈ', ਸੀਬੀਆਈ ਰੇਡ ਨੂੰ ਲੈ ਕੇ ਮੁੱਖ ਮੰਤਰੀ ਮਾਨ ਦਾ ਵੱਡਾ ਬਿਆਨ

**ਚੰਡੀਗੜ੍ਹ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)—** ਮੁੱਖ ਮੰਤਰੀ ਭਗਵੰਤ ਮਾਨ ਬੀਤੇ ਸੀਬੀਆਈ ਰੇਡ ਨੂੰ ਲੈ ਕੇ ਦਾਅਵਾ ਕੀਤਾ ਹੈ ਕਿ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੂੰ ਚੰਡੀਗੜ੍ਹ ਸਥਿਤ ਉਨ੍ਹਾਂ ਦੇ ਕੈਂਪ ਦਫ਼ਤਰ ਸਮੇਤ ਕਈ ਥਾਵਾਂ 'ਤੇ ਕੀਤੀ ਗਈ ਹਾਲੀਆ ਛਾਪੇਮਾਰੀ ਦੌਰਾਨ ਕੋਈ ਵੀ ਇਤਰਾਜ਼ਯੋਗ ਚੀਜ਼ ਨਹੀਂ ਮਿਲੀ। ਸੀਬੀਆਈ ਦੀ ਇਸ ਕਾਰਵਾਈ 'ਤੇ ਪ੍ਰਤੀਕਿਰਿਆ ਦਿੰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਤਲਾਸ਼ੀ ਦੌਰਾਨ ਕੁਝ ਵੀ ਗੈਰ-ਕਾਨੂੰਨੀ ਜਾਂ ਸ਼ੱਕੀ ਬਰਾਮਦ ਨਹੀਂ ਹੋਇਆ ਅਤੇ ਦਾਅਵਾ ਕੀਤਾ ਕਿ ਏਜੰਸੀ ਨੇ ਅਸਲ ਵਿੱਚ ਉਨ੍ਹਾਂ ਦੀ ਸਰਕਾਰ ਨੂੰ "ਕਲੀਨ ਚਿੱਟ" ਦੇ ਦਿੱਤੀ ਹੈ। ਮੁੱਖ



ਮੰਤਰੀ ਮਾਨ ਧੂਰੀ ਵਿਚ ਵਾਟਰ ਟ੍ਰੀਟਮੈਂਟ ਪਲਾਂਟ ਦਾ ਨੀਂਹ ਪੱਥਰ ਰੱਖਣ ਪਹੁੰਚੇ ਸਨ, ਇਸ ਦੌਰਾਨ ਉਨ੍ਹਾਂ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ 329 ਦੀ ਰੇਡ ਤੋਂ ਪਤਾ ਚੱਲ ਗਿਆ ਹੈ ਕਿ ਪੰਜਾਬ 'ਚ ਜਦਲੀ ਹੀ ਇਲੈਕਸ਼ਨ ਹੋਣ ਜਾ ਰਹੇ ਹਨ, ਉਨ੍ਹਾਂ ਕਿਹਾ ਕਿ ਇਹ BJP ਦਾ ਕੰਮ ਕਰਨ ਦਾ ਤਰੀਕਾ ਹੈ, ਇਲੈਕਸ਼ਨ ਤੋਂ 2-3 ਮਹੀਨੇ ਪਹਿਲਾਂ ਵੱਡੇ ਲੀਡਰਾਂ ਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਰੇਡ ਮਾਰ ਕੇ ਪ੍ਰੇਸ਼ਾਨ ਕੀਤਾ ਜਾਂਦਾ ਹੈ ਹੈ, ਕੱਲ੍ਹ ਵਾਲੀ ਰੇਡ ਤੋਂ ਪਤਾ ਚੱਲ ਗਿਆ ਹੈ ਇਲੈਕਸ਼ਨ ਹੋਣ ਵਾਲੀ ਹੈ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਕੱਲ੍ਹ ਰੇਡ ਦੌਰਾਨ ਸੀਬੀਆਈ ਨੂੰ ਕੁਝ ਵੀ ਨਹੀਂ ਮਿਲਿਆ, 7-8 ਘੰਟੇ ਫਰੋਲਨ ਤੋਂ ਬਾਅਦ ਸੀਬੀਆਈ ਕਲੀਨ ਚਿੱਟ ਦੇ ਕੇ ਚਲੀ ਗਈ, ਕਹਿੰਦੇ ਕੁਝ ਮਿਲਿਆ ਤਾਂ ਹੈ ਨਹੀਂ।

**ਸੀ. ਬੀ. ਆਈ. ਅਧਿਕਾਰੀ ਕਰਦੇ ਰਹੇ ਉਡੀਕ, ਨਹੀਂ ਪੇਸ਼ ਹੋਏ ਰਾਜਬੀਰ ਘੁੰਮਣ :** ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਅੱਜ ਸੀ.ਬੀ.ਆਈ. ਸਾਹਮਣੇ ਪੇਸ਼ ਨਹੀਂ ਹੋਏ ਹਨ। ਉਨ੍ਹਾਂ ਇੱਥੋਂ ਦੇ ਸੈਕਟਰ 30 ਵਿਚਲੇ ਦਫ਼ਤਰ 'ਚ ਪੇਸ਼ ਹੋਣ ਲਈ ਬੁਲਾਇਆ ਗਿਆ ਸੀ। ਸੂਤਰਾਂ ਮੁਤਾਬਕ ਸੀਬੀਆਈ ਨੇ 5 ਅਕਤੂਬਰ ਨੂੰ ਭ੍ਰਿਸ਼ਟਾਚਾਰ ਦੇ ਇਲਜ਼ਾਮਾਂ ਤਹਿਤ ਦਿੱਲੀ 'ਚ ਦਰਜ ਕੇਸ ਦੇ ਸਬੰਧ 'ਚ ਰਾਜਬੀਰ ਸਿੰਘ ਘੁੰਮਣ ਨੂੰ ਬੁੱਧਵਾਰ ਦੁਪਹਿਰ ਢਾਈ ਵਜੇ ਤਲਬ ਕੀਤਾ ਸੀ ਪਰ ਘੁੰਮਣ ਸੀਬੀਆਈ ਦੀ ਜਾਂਚ ਟੀਮ ਅੱਗੇ ਪੇਸ਼ ਨਹੀਂ ਹੋਏ। ਸੀ. ਬੀ. ਆਈ. ਦੇ ਅਧਿਕਾਰੀ ਰਾਜਬੀਰ ਘੁੰਮਣ ਦੀ ਉਡੀਕ ਕਰਦੇ ਰਹੇ ਪਰ ਉਹ ਆਏ ਹੀ ਨਹੀਂ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।**



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਪੰਥਕ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV



DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:੦੦ ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:੦੦ ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:੦੦ ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:੦੦ ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:੦੦ ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV
ਹਰਿਰਾਇ
GURDWARA
OLDBURY
Guru Maneyo Granth
Sandwell

‘ਵੋਟ ਚੋਰੀ’ ਦੇ ਸ਼ੋਰ ਤੋਂ ਪਰੇ

# ਤੱਥਾਂ ਦੀ ਕਸੌਟੀ ’ਤੇ ਚੁਣਾਵੀ ਪ੍ਰਕਿਰਿਆ

ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ ਅਤੇ ਇਸ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਭਾਰਤੀ ਨਾਗਰਿਕ ਦੀ ਵੋਟ ਹੈ। ਦੇਸ਼ ਦੀ ਤਾਕਤ ਸਿਰਫ਼ ਸਰਕਾਰਾਂ ਵਿੱਚ ਨਹੀਂ, ਸਗੋਂ ਉਨ੍ਹਾਂ ਸੰਵਿਧਾਨਕ ਸੰਸਥਾਵਾਂ ਵਿੱਚ ਵੀ ਹੈ ਜੋ ਸੰਵਿਧਾਨ ਦੇ ਅਧੀਨ ਆਪਣੀ ਭੂਮਿਕਾ ਨਿਭਾਉਂਦੀਆਂ ਹਨ। ਸਰਕਾਰਾਂ ਆਉਂਦੀਆਂ-ਜਾਂਦੀਆਂ ਹਨ, ਸਿਆਸੀ ਪਾਰਟੀਆਂ ਜਿੱਤਦੀਆਂ-ਹਾਰਦੀਆਂ ਹਨ, ਪਰ ਸੰਵਿਧਾਨਕ ਸੰਸਥਾਵਾਂ ਦੀ ਭਰੋਸੇਯੋਗਤਾ ਰਾਸ਼ਟਰ ਦੀ ਸਥਾਈ ਪੂੰਜੀ ਹੁੰਦੀ ਹੈ।



ਇਸ ਲਈ ਚੁਣਾਵੀ ਪ੍ਰਕਿਰਿਆ ’ਤੇ ਸਵਾਲ ਉਠਾਉਣਾ ਲੋਕਤੰਤਰਕ ਅਧਿਕਾਰ ਹੈ, ਪਰ ਚੁਣਾਵੀ ਪ੍ਰਣਾਲੀ ’ਤੇ ਗੰਭੀਰ ਦੋਸ਼ ਲਗਾਉਣ ਲਈ ਤੱਥ, ਦਸਤਾਵੇਜ਼ ਅਤੇ ਠੋਸ ਸਬੂਤ ਵੀ ਉਨੇ ਹੀ ਜ਼ਰੂਰੀ ਹਨ। ਸੰਸਥਾਵਾਂ ਦੀ ਆਲੋਚਨਾ ਕਰਨਾ ਲੋਕਤੰਤਰ ਦੀ ਸਿਹਤ ਲਈ ਜ਼ਰੂਰੀ ਹੈ, ਪਰ ਬਿਨਾਂ ਠੋਸ ਸਬੂਤ ਦੇ ਉਨ੍ਹਾਂ ਦੀ ਨੀਅਤ ’ਤੇ ਸਵਾਲ ਖੜ੍ਹੇ ਕਰਕੇ ਪੂਰੀ ਚੁਣਾਵੀ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਸ਼ੱਕ ਦੇ ਘੇਰੇ ਵਿੱਚ ਲਿਆਉਣਾ ਲੋਕਤੰਤਰ ਨੂੰ ਮਜ਼ਬੂਤ ਕਰਨ ਦੀ ਬਜਾਏ ਕਮਜ਼ੋਰ ਕਰਦਾ ਹੈ।

ਇਸੇ ਸੰਦਰਭ ਵਿੱਚ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਇੰਡੀਆ ਗਠਜੋੜ ਵੱਲੋਂ ਪਿਛਲੇ ਦਿਨੀਂ ‘ਵੋਟ ਚੋਰੀ’ ਦੇ ਨਾਂ ’ਤੇ ਚੋਣ ਕਮਿਸ਼ਨ ਅਤੇ ਚੁਣਾਵੀ ਪ੍ਰਕਿਰਿਆ ਬਾਰੇ ਲਗਾਏ ਗਏ ਗੰਭੀਰ ਦੋਸ਼ਾਂ ਨੂੰ ਵੀ ਤੱਥਾਂ ਦੀ ਕਸੌਟੀ ’ਤੇ ਵਿਚਾਰਨਾ ਬਣਦਾ ਹੈ। ਉਨ੍ਹਾਂ ਵੱਲੋਂ SIR, Form-6, ਡਿਜੀਟਲ ਵੋਟਰ ਸੂਚੀਆਂ, ਵੀਡੀਓ ਸਬੂਤਾਂ, EVM ਅਤੇ ਕਥਿਤ ਤੌਰ ’ਤੇ ਵੋਟਰਾਂ ਦੇ ਨਾਂ ਹਟਾਏ ਜਾਣ ਸਮੇਤ ਕਈ ਮੁੱਦੇ ਉਠਾਏ ਗਏ ਹਨ। ਦੂਜੇ ਪਾਸੇ, ਚੋਣ ਕਮਿਸ਼ਨ ਨੇ ਖ਼ਾਸ ਕਰਕੇ Form-6 ਨਾਲ ਸਬੰਧਤ ਦਾਅਵਿਆਂ ਨੂੰ ਗੁੰਮਰਾਹਕੁੰਨ ਅਤੇ ਬੇਬੁਨਿਆਦ ਦੱਸਦਿਆਂ ਕਿਹਾ ਹੈ ਕਿ SIR ਨਾਲ ਸਬੰਧਤ ਫ਼ੈਸਲੇ ਨਿਯਮਾਂ ਅਨੁਸਾਰ ਅਤੇ ਕਮਿਸ਼ਨ ਦੀ ਸਹਿਮਤੀ ਨਾਲ ਲਏ ਗਏ ਹਨ। ਭਾਜਪਾ ਨੇ ਵੀ ਰਾਹੁਲ ਗਾਂਧੀ ਤੋਂ ਇਨ੍ਹਾਂ ਦੋਸ਼ਾਂ ਦੇ ਠੋਸ ਸਬੂਤ ਪੇਸ਼ ਕਰਨ ਦੀ ਮੰਗ ਕਰਦਿਆਂ ਕਿਹਾ ਹੈ ਕਿ ਚੁਣਾਵੀ ਹਾਰ ਦੀ ਸੰਭਾਵਨਾ ਦੇ ਮੱਦੇਨਜ਼ਰ ਸੰਵਿਧਾਨਕ ਸੰਸਥਾਵਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।



ਇਸ ਪੂਰੇ ਵਿਵਾਦ ਵਿੱਚ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਦੋਸ਼ ਕਿੰਨੇ ਵੱਡੇ ਹਨ, ਇਸ ਤੋਂ ਪਹਿਲਾਂ ਇਹ ਦੇਖਿਆ ਜਾਵੇ ਕਿ ਉਨ੍ਹਾਂ ਦੇ ਪਿੱਛੇ ਤੱਥ, ਦਸਤਾਵੇਜ਼ ਅਤੇ ਸਥਾਪਿਤ ਪ੍ਰਕਿਰਿਆ ਕੀ ਕਹਿੰਦੀ ਹੈ। ਲੋਕਤੰਤਰ ਵਿੱਚ ਵਿਰੋਧੀ ਧਿਰ ਨੂੰ ਸਵਾਲ ਪੁੱਛਣ ਦਾ ਪੂਰਾ ਅਧਿਕਾਰ ਹੈ, ਪਰ ਗੰਭੀਰ ਦੋਸ਼ਾਂ ਨੂੰ ਸਿਆਸੀ ਬਿਆਨਬਾਜ਼ੀ ਤੋਂ ਅੱਗੇ ਲੈ ਜਾ ਕੇ ਸਬੂਤਾਂ ਦੀ ਕਸੌਟੀ ’ਤੇ ਪਰਖਣਾ ਵੀ ਉਨੀ ਹੀ ਜ਼ਰੂਰੀ ਜ਼ਿੰਮੇਵਾਰੀ ਹੈ।

ਇਸੇ ਪਿਛੋਕੜ ਵਿੱਚ SIR ਨਾਲ ਜੁੜੇ ‘13 ਕਰੋੜ ਵੋਟਰਾਂ ਦੇ ਨਾਮ ਕੱਟੇ ਜਾਣ’ ਵਾਲੇ ਦਾਅਵੇ ਦੇ ਤੱਥਾਂ ਨੂੰ ਸਮਝਣਾ ਜ਼ਰੂਰੀ ਹੈ। ਮੁਹੱਈਆ ਕਰਵਾਈ ਗਈ ਚੋਣ ਕਮਿਸ਼ਨ ਦੀ ਸਮੱਗਰੀ ਅਨੁਸਾਰ ਇਹ ਅੰਕੜਾ ਮਸੌਦਾ ਪੜਾਅ ’ਤੇ ਵੱਖ-ਵੱਖ ਸ਼੍ਰੇਣੀਆਂ ਵਿੱਚ ਆਉਣ ਵਾਲੀਆਂ ਐਂਟਰੀਆਂ ਨਾਲ ਸਬੰਧਤ ਹੈ—ਲਗਭਗ 2.8 ਕਰੋੜ ਮ੍ਰਿਤਕ, 3 ਕਰੋੜ ਗੈਰ-ਹਾਜ਼ਰ ਜਾਂ ਅਣਪਤਾ, 6.3 ਕਰੋੜ ਸਥਾਈ ਤੌਰ ’ਤੇ ਤਬਦੀਲ ਹੋ ਚੁੱਕੇ ਅਤੇ 1 ਕਰੋੜ ਇੱਕ ਤੋਂ ਵੱਧ ਥਾਵਾਂ ’ਤੇ ਦਰਜ ਵੋਟਰ।

ਇਨ੍ਹਾਂ ਸ਼੍ਰੇਣੀਆਂ ਨੂੰ ਸਿੱਧੇ ਤੌਰ ’ਤੇ ‘13 ਕਰੋੜ ਅੰਤਿਮ ਤੌਰ ’ਤੇ ਕੱਟੇ ਗਏ ਵੋਟਰ’ ਕਹਿਣਾ ਮਸੌਦਾ ਅਤੇ ਅੰਤਿਮ ਵੋਟਰ ਸੂਚੀ ਵਿਚਕਾਰ ਦੇ ਬੁਨਿਆਦੀ ਪ੍ਰਸ਼ਾਸਨਿਕ ਫ਼ਰਕ ਨੂੰ ਨਜ਼ਰਅੰਦਾਜ਼ ਕਰਦਾ ਹੈ। ਮਸੌਦਾ ਸੂਚੀ ਅੰਤਿਮ ਫ਼ੈਸਲਾ ਨਹੀਂ ਹੁੰਦੀ। ਇਸ ਤੋਂ ਬਾਅਦ ਤਸਦੀਕ, ਦਾਅਵਿਆਂ, ਇਤਰਾਜ਼ਾਂ ਅਤੇ ਸੋਧਾਂ ਸਮੇਤ ਨਿਰਧਾਰਤ ਪ੍ਰਕਿਰਿਆ ਰਾਹੀਂ ਅੰਤਿਮ ਸੂਚੀ ਤਿਆਰ ਹੁੰਦੀ ਹੈ। ਇਸ ਲਈ ਕੇਂਦਰੀ ਸਵਾਲ ਸਿਰਫ਼ ਇਹ ਨਹੀਂ ਕਿ ‘ਕਿੰਨੇ ਨਾਮ ਹਨ?’, ਸਗੋਂ ਇਹ ਹੈ ਕਿ ਉਹ ਕਿਸ ਪੜਾਅ ’ਤੇ ਹਨ, ਉਨ੍ਹਾਂ ਦੀ ਪ੍ਰਸ਼ਾਸਨਿਕ ਸਥਿਤੀ ਕੀ ਹੈ ਅਤੇ ਉਨ੍ਹਾਂ ਬਾਰੇ ਅੰਤਿਮ ਫ਼ੈਸਲਾ ਕਿਸ ਪ੍ਰਕਿਰਿਆ ਰਾਹੀਂ ਹੋਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵੋਟਰ ਸੂਚੀ ਸਿਰਫ਼ ਸਰਕਾਰੀ ਰਿਕਾਰਡ ਨਹੀਂ, ਸਗੋਂ ਨਾਗਰਿਕ ਦੇ ਲੋਕਤਾਂਤਰਿਕ ਅਧਿਕਾਰ ਦਾ ਆਧਾਰ ਹੈ। ਨਾਮ ਸ਼ਾਮਲ ਕਰਵਾਉਣ, ਗਲਤ ਐਂਟਰੀ ’ਤੇ ਇਤਰਾਜ਼ ਕਰਨ, ਜਾਣਕਾਰੀ ਠੀਕ ਕਰਵਾਉਣ ਜਾਂ ਰਿਹਾਇਸ਼ ਬਦਲਣ ਦੀਆਂ ਪ੍ਰਕਿਰਿਆਵਾਂ ਇਸ ਗੱਲ ਨੂੰ ਯਕੀਨੀ ਬਣਾਉਂਦੀਆਂ ਹਨ ਕਿ ਚੁਣਾਵੀ ਪ੍ਰਣਾਲੀ ਸਿਰਫ਼ ਪ੍ਰਸ਼ਾਸਨਿਕ ਕਾਰਵਾਈ ਨਾ ਰਹੇ, ਸਗੋਂ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਵਾਲੀ ਪ੍ਰਕਿਰਿਆ ਬਣੀ ਰਹੇ। ਇਸੇ ਲਈ ‘ਵੋਟ ਚੋਰੀ’ ਵਰਗਾ ਗੰਭੀਰ ਦੋਸ਼ ਸਿਰਫ਼ ਸਿਆਸੀ ਨਾਅਰਾ ਨਹੀਂ ਹੋ ਸਕਦਾ। ਜੇ ਕਿਸੇ ਕੋਲ ਠੋਸ ਸਬੂਤ ਹਨ ਤਾਂ ਉਹ ਸੰਬੰਧਿਤ ਚੁਣਾਵੀ ਅਥਾਰਟੀ ਅਤੇ ਕਾਨੂੰਨੀ ਮੰਚ ’ਤੇ ਪੇਸ਼ ਕੀਤੇ ਜਾਣੇ ਚਾਹੀਦੇ ਹਨ। ਦੋਸ਼ ਦੀ ਗੰਭੀਰਤਾ ਸਬੂਤ ਦੀ ਲੋੜ ਨੂੰ ਘਟਾਉਂਦੀ ਨਹੀਂ, ਸਗੋਂ ਹੋਰ ਵਧਾਉਂਦੀ ਹੈ।

ਇਸ ਦੇ ਨਾਲ ਹੀ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਵੀ ਸਪਸ਼ਟ ਹੈ। ਸੰਵਿਧਾਨਕ ਦਰਜਾ ਉਸ ਨੂੰ ਸਵਾਲਾਂ ਤੋਂ ਉੱਪਰ ਨਹੀਂ ਕਰਦਾ। ਸੰਸਥਾ ਦੀ ਸੁਤੰਤਰਤਾ ਦਾ ਅਰਥ ਸਵਾਲਾਂ ਤੋਂ ਮੁਕਤੀ ਨਹੀਂ, ਸਗੋਂ ਸਵਾਲਾਂ ਦੇ ਸਾਹਮਣੇ ਤੱਥਾਂ, ਨਿਯਮਾਂ ਅਤੇ ਪਾਰਦਰਸ਼ੀ ਪ੍ਰਕਿਰਿਆ ਨਾਲ ਖੜ੍ਹੇ ਰਹਿਣ ਦੀ ਸਮਰੱਥਾ ਹੈ। ਕਮਿਸ਼ਨ ਨੂੰ ਹਰ ਆਲੋਚਕ ਨੂੰ ਸੰਤੁਸ਼ਟ ਕਰਨਾ ਲਾਜ਼ਮੀ ਨਹੀਂ, ਪਰ ਉਸ ਨੂੰ ਪ੍ਰਕਿਰਿਆ ਸਪਸ਼ਟ ਕਰਨੀ, ਸੰਬੰਧਿਤ ਅੰਕੜੇ ਉਪਲਬਧ ਕਰਵਾਉਣੇ ਅਤੇ ਮਸੌਦਾ, ਪ੍ਰਸਤਾਵਿਤ ਕਾਰਵਾਈ ਤੇ ਅੰਤਿਮ ਫ਼ੈਸਲੇ ਵਿਚਕਾਰ ਸਪਸ਼ਟ ਫ਼ਰਕ ਦੱਸਣਾ ਚਾਹੀਦਾ ਹੈ।

ਚੋਣ ਕਮਿਸ਼ਨ ਇੱਕ ਸੁਤੰਤਰ ਅਤੇ ਮਹੱਤਵਪੂਰਨ ਸੰਵਿਧਾਨਕ ਸੰਸਥਾ ਹੈ, ਜੋ ਸੰਵਿਧਾਨ ਦੇ ਅਧੀਨ ਆਪਣੀ ਭੂਮਿਕਾ ਨਿਭਾਉਂਦਾ ਹੈ। ਇਸ ਲਈ ਬਿਨਾਂ ਠੋਸ ਸਬੂਤ ਸੰਸਥਾ ਦੀ ਨੀਅਤ ’ਤੇ ਸਵਾਲ ਖੜ੍ਹੇ ਕਰਕੇ ਪੂਰੀ ਚੁਣਾਵੀ ਪ੍ਰਣਾਲੀ ਨੂੰ ਸ਼ੱਕ ਦੇ ਘੇਰੇ ਵਿੱਚ ਲਿਆਉਣਾ ਲੋਕਤੰਤਰ ਨੂੰ ਮਜ਼ਬੂਤ ਨਹੀਂ ਕਰਦਾ।

EVM ਤੋਂ ਲੈ ਕੇ ਵੋਟਰ ਸੂਚੀ ਤੱਕ ਹਰ ਮਸਲੇ ’ਤੇ ਤੱਥਾਂ ਦੇ ਆਧਾਰ ’ਤੇ ਚਰਚਾ ਹੋਣੀ ਚਾਹੀਦੀ ਹੈ। ਜੇ ਕਿਸੇ ਮਸ਼ੀਨ, ਵੋਟਰ ਐਂਟਰੀ ਜਾਂ ਚੁਣਾਵੀ ਪ੍ਰਕਿਰਿਆ ਬਾਰੇ ਸ਼ਿਕਾਇਤ ਹੈ ਤਾਂ ਉਸ ਦੀ ਜਾਂਚ ਅਤੇ ਨਿਪਟਾਰੇ ਲਈ ਨਿਰਧਾਰਤ ਕਾਨੂੰਨੀ ਤੇ ਚੁਣਾਵੀ ਪ੍ਰਕਿਰਿਆ ਮੌਜੂਦ ਹੈ। ਲੋਕਤੰਤਰ ਦਾ ਅਰਥ ਇਹ ਨਹੀਂ ਕਿ ਚੁਣਾਵੀ ਨਤੀਜਾ ਆਪਣੇ ਹੱਕ ਵਿੱਚ ਨਾ ਆਉਣ ’ਤੇ ਉਸ ਦੀ ਵਜ੍ਹਾ ਸਿੱਧੇ ਤੌਰ ’ਤੇ ਪ੍ਰਣਾਲੀ ਵਿੱਚ ‘ਚੋਰੀ’ ਲੱਭੀ ਜਾਵੇ। ਜੇ ਗੜਬੜ ਦਾ ਦਾਅਵਾ ਹੈ ਤਾਂ ਉਸ ਨੂੰ ਸਬੂਤਾਂ ਨਾਲ ਸਾਬਤ ਕਰਦਿਆਂ ਨਿਰਧਾਰਤ ਮੰਚ ’ਤੇ ਚੁਣੌਤੀ ਦਿੱਤੀ ਜਾਣੀ ਚਾਹੀਦੀ ਹੈ।

ਭਾਰਤ ਦੇ ਚੁਣਾਵੀ ਇਤਿਹਾਸ ਵਿੱਚ ਸੰਸਥਾਗਤ ਭਰੋਸੇ ਦੀ ਮਹੱਤਤਾ ਕੋਈ ਨਵੀਂ ਗੱਲ ਨਹੀਂ। 1990 ਦੇ ਦਹਾਕੇ ਵਿੱਚ ਟੀ.ਐੱਨ. ਸੇਸ਼ਨ ਦੇ ਕਾਰਜਕਾਲ ਨੇ ਚੋਣ ਕਮਿਸ਼ਨ ਦੀਆਂ ਸੰਵਿਧਾਨਕ ਸ਼ਕਤੀਆਂ ਦੀ ਦ੍ਰਿੜ੍ਹ ਵਰਤੋਂ ਅਤੇ ਆਦਰਸ਼ ਚੁਣਾਵੀ ਆਚਾਰ ਸੰਹਿਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਮਿਸਾਲ ਕਾਇਮ ਕੀਤੀ। ਇਸ ਦੌਰ ਨੇ ਇਹ ਭਰੋਸਾ ਮਜ਼ਬੂਤ ਕੀਤਾ ਕਿ ਚੋਣ ਕਮਿਸ਼ਨ ਸਿਆਸੀ ਦਬਾਅ ਤੋਂ ਉੱਪਰ ਉੱਠ ਕੇ ਆਪਣੀ ਸੰਵਿਧਾਨਕ ਜ਼ਿੰਮੇਵਾਰੀ ਨਿਭਾ ਸਕਦਾ ਹੈ। ਇਸ ਤੋਂ ਸਪਸ਼ਟ ਹੈ ਕਿ ਸੰਸਥਾਵਾਂ ਦੀ ਤਾਕਤ ਸਿਰਫ਼ ਉਨ੍ਹਾਂ ਨੂੰ ਮਿਲੀਆਂ ਕਾਨੂੰਨੀ ਸ਼ਕਤੀਆਂ ਵਿੱਚ ਨਹੀਂ, ਸਗੋਂ ਉਨ੍ਹਾਂ ਸ਼ਕਤੀਆਂ ਦੀ ਨਿਰਪੱਖ ਅਤੇ ਦ੍ਰਿੜ੍ਹ ਵਰਤੋਂ ਨਾਲ ਬਣਦੇ ਜਨਤਕ ਭਰੋਸੇ ਵਿੱਚ ਵੀ ਹੁੰਦੀ ਹੈ।

ਅੱਜ ਚੁਣੌਤੀ ਦਾ ਰੂਪ ਬਦਲ ਗਿਆ ਹੈ। ਸੋਸ਼ਲ ਮੀਡੀਆ ਅਤੇ ਡਿਜੀਟਲ ਸੰਚਾਰ ਦੇ ਦੌਰ ਵਿੱਚ ਅਧੂਰਾ ਅੰਕੜਾ, ਕੱਟੀ ਹੋਈ ਵੀਡੀਓ, ਸੰਦਰਭ ਤੋਂ ਬਾਹਰਲਾ ਬਿਆਨ ਜਾਂ ਸਨਸਨੀਖੇਜ਼ ਸੁਰਖੀ ਕੁਝ ਹੀ ਮਿੰਟਾਂ ਵਿੱਚ ਲੱਖਾਂ ਲੋਕਾਂ ਤੱਕ ਪਹੁੰਚ ਸਕਦੀ ਹੈ, ਜਦਕਿ ਉਸ ਦਾ ਪੂਰਾ ਸੰਦਰਭ ਬਾਅਦ ਵਿੱਚ ਸਾਹਮਣੇ ਆਉਂਦਾ ਹੈ। ਅਜਿਹੇ ਮਾਹੌਲ ਵਿੱਚ ਚੁਣਾਵੀ ਪਾਰਦਰਸ਼ਤਾ ਦਾ ਅਰਥ ਸਿਰਫ਼ ਨਿਯਮਾਂ ਅਤੇ ਅੰਕੜਿਆਂ ਨੂੰ ਜਨਤਕ ਕਰਨਾ ਨਹੀਂ, ਸਗੋਂ ਸਹੀ ਜਾਣਕਾਰੀ ਸਮੇਂ ਸਿਰ ਲੋਕਾਂ ਤੱਕ ਪਹੁੰਚਾਉਣਾ ਵੀ ਹੈ। ਸੰਸਥਾਗਤ ਸੰਚਾਰ ਜਿੰਨਾ ਸਪਸ਼ਟ, ਤੱਥਪੂਰਨ ਅਤੇ ਸਮੇਂ ਸਿਰ ਹੋਵੇਗਾ, ਗਲਤ ਜਾਣਕਾਰੀ ਅਤੇ ਬੇਬੁਨਿਆਦ ਸ਼ੱਕ ਲਈ ਓਨੀ ਹੀ ਘੱਟ ਥਾਂ ਬਚੇਗੀ।

ਇਸੇ ਤਰ੍ਹਾਂ, ਚੁਣਾਵੀ ਪ੍ਰਣਾਲੀ ਦੀ ਭਰੋਸੇਯੋਗਤਾ ਲਈ ਪਾਰਦਰਸ਼ਤਾ ਅਤੇ ਜਵਾਬਦੇਹੀ ਇੱਕ-ਦੂਜੇ ਦੇ ਵਿਰੋਧੀ ਨਹੀਂ, ਸਗੋਂ ਪੂਰਕ ਹਨ। ਸੰਸਥਾ ਦੀ ਸੁਤੰਤਰਤਾ ਦਾ ਮਤਲਬ ਇਹ ਨਹੀਂ ਕਿ ਉਸ ਤੋਂ ਕੋਈ ਸਵਾਲ ਨਾ ਪੁੱਛਿਆ ਜਾਵੇ। ਇਸ ਦਾ ਮਤਲਬ ਇਹ ਹੈ ਕਿ ਸੰਸਥਾ ਸਿਆਸੀ ਦਬਾਅ ਤੋਂ ਮੁਕਤ ਰਹਿੰਦੇ ਹੋਏ ਹਰ ਜਾਇਜ਼ ਸਵਾਲ ਦਾ ਜਵਾਬ ਨਿਯਮਾਂ, ਤੱਥਾਂ ਅਤੇ ਦਸਤਾਵੇਜ਼ਾਂ ਦੇ ਆਧਾਰ ’ਤੇ ਦੇ ਸਕੇ। ਇਸ ਲਈ ਚੋਣ ਕਮਿਸ਼ਨ ਸਮੇਤ ਹਰ ਸੰਵਿਧਾਨਕ ਸੰਸਥਾ ਦੀ ਮਜ਼ਬੂਤੀ ਆਲੋਚਨਾ ਤੋਂ ਬਚਣ ਵਿੱਚ ਨਹੀਂ, ਸਗੋਂ ਪਾਰਦਰਸ਼ੀ ਢੰਗ ਨਾਲ ਆਲੋਚਨਾ ਦਾ ਸਾਹਮਣਾ ਕਰਨ ਦੀ ਸਮਰੱਥਾ ਵਿੱਚ ਹੈ। ਭਾਰਤ ਵਰਗੀ ਵਿਸ਼ਾਲ ਚੁਣਾਵੀ ਪ੍ਰਣਾਲੀ ਵਿੱਚ ਪ੍ਰਸ਼ਾਸਨਿਕ ਗਲਤੀਆਂ, ਡਾਟਾ ਨਾਲ ਜੁੜੀਆਂ ਕਮੀਆਂ ਜਾਂ ਵਿਅਕਤੀਗਤ ਸ਼ਿਕਾਇਤਾਂ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਪਰ ਕਿਸੇ ਸੰਸਥਾ ਦੀ ਭਰੋਸੇਯੋਗਤਾ ਦਾ ਮਤਲਬ ਇਹ ਨਹੀਂ ਕਿ ਉਸ ਤੋਂ ਕਦੇ ਗਲਤੀ ਨਹੀਂ ਹੋ ਸਕਦੀ। ਅਸਲ ਭਰੋਸੇਯੋਗਤਾ ਇਹ ਹੈ ਕਿ ਗਲਤੀ ਸਾਹਮਣੇ ਆਉਣ ’ਤੇ ਉਸ ਦੀ ਪਛਾਣ, ਜਾਂਚ, ਸੁਧਾਰ ਅਤੇ ਜਵਾਬਦੇਹੀ ਲਈ ਪ੍ਰਭਾਵਸ਼ਾਲੀ ਪ੍ਰਣਾਲੀ ਮੌਜੂਦ ਹੋਵੇ। ਜੇ ਕਿਸੇ ਨਾਗਰਿਕ ਦਾ ਨਾਮ ਗਲਤ ਤਰੀਕੇ ਨਾਲ ਪ੍ਰਭਾਵਿਤ ਹੁੰਦਾ ਹੈ ਜਾਂ ਕਿਸੇ ਚੁਣਾਵੀ ਪ੍ਰਕਿਰਿਆ ਵਿੱਚ ਗੜਬੜ ਦੀ ਸ਼ਿਕਾਇਤ ਹੈ ਤਾਂ ਉਸ ਨੂੰ ਨਿਰਧਾਰਤ ਮੰਚ ’ਤੇ ਦਰਜ ਕਰਵਾਉਣ ਅਤੇ ਉਸ ਦੇ ਨਿਪਟਾਰੇ ਦੀ ਵਿਵਸਥਾ ਹੀ ਲੋਕਤੰਤਰਕ ਪ੍ਰਣਾਲੀ ਦੀ ਅਸਲ ਤਾਕਤ ਹੈ।

ਸਾਡੇ ਲਈ ਚੁਣਾਵੀ ਲੋਕਤੰਤਰ ਸਿਰਫ਼ ਸੱਤਾ ਹਾਸਲ ਕਰਨ ਦਾ ਸਾਧਨ ਨਹੀਂ, ਸਗੋਂ ਭਾਰਤ ਦੀ ਲੋਕਤੰਤਰਕ ਪਰੰਪਰਾ ਦੀ ਬੁਨਿਆਦ ਹੈ। ਸਰਕਾਰਾਂ ਬਦਲ ਸਕਦੀਆਂ ਹਨ, ਸਿਆਸੀ ਪਾਰਟੀਆਂ ਜਿੱਤ ਜਾਂ ਹਾਰ ਸਕਦੀਆਂ ਹਨ, ਪਰ ਲੋਕਤੰਤਰ ਪ੍ਰਤੀ ਲੋਕਾਂ ਦਾ ਭਰੋਸਾ ਕਾਇਮ ਰਹਿਣਾ ਸਭ ਤੋਂ ਵੱਡੀ ਰਾਸ਼ਟਰੀ ਲੋੜ ਹੈ। ਮਜ਼ਬੂਤ ਲੋਕਤੰਤਰ, ਮਜ਼ਬੂਤ ਸੰਵਿਧਾਨਕ ਸੰਸਥਾਵਾਂ ਅਤੇ ਜਾਗਰੂਕ ਨਾਗਰਿਕ—ਇਹ ਤਿੰਨੇ ਇੱਕ-ਦੂਜੇ ਦੇ ਪੂਰਕ ਹਨ। ਰਾਸ਼ਟਰੀ ਹਿੱਤ ਵੀ ਇਸੇ ਵਿੱਚ ਹੈ ਕਿ ਚੁਣਾਵੀ ਪ੍ਰਣਾਲੀ ਬਾਰੇ ਹਰ ਜਾਇਜ਼ ਸਵਾਲ ਦਾ ਜਵਾਬ ਤੱਥਾਂ ਨਾਲ ਮਿਲੇ ਅਤੇ ਹਰ ਗੰਭੀਰ ਦੋਸ਼ ਦੀ ਪਰਖ ਸਬੂਤਾਂ ਨਾਲ ਹੋਵੇ।

ਇਸ ਲਈ ਲੋਕਤੰਤਰ ਦਾ ਅਸਲ ਰਸਤਾ ਸਪਸ਼ਟ ਹੈ—ਸਵਾਲ ਵੀ ਹੋਣ, ਸਬੂਤ ਵੀ ਹੋਣ, ਜਵਾਬ ਵੀ ਹੋਣ ਅਤੇ ਪੂਰੀ ਪ੍ਰਕਿਰਿਆ ਪਾਰਦਰਸ਼ੀ ਹੋਵੇ। ਨਾ ਅੰਨ੍ਹਾ ਭਰੋਸਾ ਲੋਕਤੰਤਰ ਦੀ ਮੰਗ ਹੈ ਅਤੇ ਨਾ ਹੀ ਬਿਨਾਂ ਸਬੂਤ ਦੇ ਅਵਿਸ਼ਵਾਸ। ਸੰਸਥਾਵਾਂ ਨੂੰ ਸਵਾਲ ਕਰਨਾ ਲੋਕਤੰਤਰ ਦਾ ਹੱਕ ਹੈ, ਪਰ ਉਨ੍ਹਾਂ ਦੀ ਭਰੋਸੇਯੋਗਤਾ ਨੂੰ ਬਿਨਾਂ ਸਬੂਤ ਢਾਹੁਣ ਦੀ ਕੋਸ਼ਿਸ਼ ਲੋਕਤੰਤਰਕ ਸੰਸਥਾਵਾਂ ਨੂੰ ਹੀ ਕਮਜ਼ੋਰ ਕਰ ਸਕਦੀ ਹੈ।

ਅੱਜ ਲੋੜ ‘ਵੋਟ ਚੋਰੀ’ ਦੇ ਸਿਆਸੀ ਸ਼ੋਰ ਨੂੰ ਹੋਰ ਉੱਚਾ ਕਰਨ ਦੀ ਨਹੀਂ, ਸਗੋਂ ਹਰ ਦਾਅਵੇ ਨੂੰ ਤੱਥਾਂ ਦੀ ਕਸੌਟੀ ’ਤੇ ਪਰਖਣ ਦੀ ਹੈ। ਜੇ ਕਿਸੇ ਕੋਲ ਚੁਣਾਵੀ ਗੜਬੜ ਦੇ ਠੋਸ ਸਬੂਤ ਹਨ ਤਾਂ ਉਹ ਜਨਤਕ ਚਰਚਾ ਦੇ ਨਾਲ-ਨਾਲ ਸੰਬੰਧਿਤ ਸੰਵਿਧਾਨਕ ਅਤੇ ਕਾਨੂੰਨੀ ਮੰਚ ’ਤੇ ਵੀ ਪੇਸ਼ ਕੀਤੇ ਜਾਣੇ ਚਾਹੀਦੇ ਹਨ। ਇਸੇ ਤਰ੍ਹਾਂ, ਜੇ ਕੋਈ ਦੋਸ਼ ਤੱਥਾਂ ’ਤੇ ਖਰਾ ਨਹੀਂ ਉਤਰਦਾ ਤਾਂ ਉਸ ਨੂੰ ਸਿਰਫ਼ ਸਿਆਸੀ ਦੁਹਰਾਅ ਰਾਹੀਂ ਸੱਚ ਦਾ ਰੂਪ ਦੇਣਾ ਵੀ ਠੀਕ ਨਹੀਂ। ਲੋਕਤੰਤਰ ਵਿੱਚ ਦਾਅਵਾ ਅਤੇ ਸੱਚ ਦੇ ਵਿਚਕਾਰ ਸਭ ਤੋਂ ਮਹੱਤਵਪੂਰਨ ਪੁਲ ਸਬੂਤ ਹੈ। ਭਾਰਤ ਦਾ ਵੋਟਰ ਸਮਝਦਾਰ ਹੈ। ਉਹ ਆਪਣੀ ਵੋਟ ਦੀ ਤਾਕਤ ਅਤੇ ਲੋਕਤੰਤਰ ਵਿੱਚ ਆਪਣੀ ਭੂਮਿਕਾ ਨੂੰ ਜਾਣਦਾ ਹੈ। ਉਸ ਦੇ ਫ਼ੈਸਲੇ ਦਾ ਸਤਿਕਾਰ ਕਰਨਾ ਹਰ ਸਿਆਸੀ ਪਾਰਟੀ ਦੀ ਸੰਵਿਧਾਨਕ ਅਤੇ ਨੈਤਿਕ ਜ਼ਿੰਮੇਵਾਰੀ ਹੈ। ਚੁਣਾਵੀ ਹਾਰ ਜਾਂ ਜਿੱਤ ਨੂੰ ਸਵੀਕਾਰ ਕਰਨ ਦੀ ਪਰਪੱਕਤਾ ਵੀ ਲੋਕਤੰਤਰਕ ਸੰਸਕਾਰ ਦਾ ਹਿੱਸਾ ਹੈ। ਜਿੱਤ ਦਾ ਸਿਹਰਾ ਜੇ ਲੋਕਾਂ ਦੀ ਵੋਟ ਨੂੰ ਦਿੱਤਾ ਜਾਂਦਾ ਹੈ ਤਾਂ ਹਾਰ ਦੀ ਜ਼ਿੰਮੇਵਾਰੀ ਵੀ ਸਿਰਫ਼ ਸੰਸਥਾਵਾਂ ’ਤੇ ਪਾਉਣ ਦੀ ਬਜਾਏ ਤੱਥਾਂ ਅਤੇ ਆਤਮ-ਮੰਥਨ ਦੀ ਕਸੌਟੀ ’ਤੇ ਲੈਣੀ ਚਾਹੀਦੀ ਹੈ।

ਭਾਰਤੀ ਲੋਕਤੰਤਰ ਦੀ ਤਾਕਤ ਕਿਸੇ ਇੱਕ ਪਾਰਟੀ, ਸਰਕਾਰ ਜਾਂ ਸੰਸਥਾ ਵਿੱਚ ਨਹੀਂ, ਸਗੋਂ ਉਸ ਵਿਸ਼ਵਾਸ ਵਿੱਚ ਹੈ ਜੋ ਇੱਕ ਆਮ ਨਾਗਰਿਕ ਆਪਣੀ ਇੱਕ ਵੋਟ ਰਾਹੀਂ ਪ੍ਰਗਟ ਕਰਦਾ ਹੈ। ਇਸ ਵਿਸ਼ਵਾਸ ਦੀ ਰੱਖਿਆ ਲਈ ਸਿਆਸੀ ਪਾਰਟੀਆਂ ਨੂੰ ਜ਼ਿੰਮੇਵਾਰ ਬਿਆਨਬਾਜ਼ੀ, ਸੰਵਿਧਾਨਕ ਸੰਸਥਾਵਾਂ ਨੂੰ ਪਾਰਦਰਸ਼ਤਾ ਅਤੇ ਨਾਗਰਿਕਾਂ ਨੂੰ ਤੱਥਾਂ ’ਤੇ ਆਧਾਰਿਤ ਜਾਣਕਾਰੀ ਦੀ ਲੋੜ ਹੈ। ਇਹੀ ਮਜ਼ਬੂਤ ਭਾਰਤ, ਮਜ਼ਬੂਤ ਲੋਕਤੰਤਰ ਅਤੇ ਮਜ਼ਬੂਤ ਚੁਣਾਵੀ ਪ੍ਰਣਾਲੀ ਦੀ ਟਿਕਾਊ ਬੁਨਿਆਦ ਹੈ।

**— ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ 9781355522**

# ਭਾਜਪਾ ਨੂੰ ਕੋਸਣ ਦੀ ਥਾਂ ਮਾਨ ਪੀੜੀ ਹੇਠ ਸੋਟਾ ਫੇਰਨ: ਪ੍ਰੋ. ਸਰਚਾਂਦ ਸਿੰਘ ਖਿਆਲਾ

## 329 ਜਾਂਚ ਤੋਂ ਡਰ ਕਿਉਂ ਰਹੀ ਹੈ ਭਗਵੰਤ ਮਾਨ ਸਰਕਾਰ? ਹਾਈ ਕੋਰਟ ਦੇ ਹੁਕਮ ਨੂੰ ਭਾਜਪਾ ਦੀ ਸਾਜ਼ਿਸ਼ ਦੱਸਣਾ ਹਕੀਕਤ ਤੋਂ ਭੱਜਣ ਦੇ ਬਰਾਬਰ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ’ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ਾਂ ਦੀ ਨਿਰਪੱਖ ਜਾਂਚ ਤੋਂ ਭੱਜਣ ਦੀ ਬਜਾਏ ਸਰਕਾਰ ਨੂੰ ਜਾਂਚ ਦਾ ਸਾਹਮਣਾ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 329 ਜਾਂਚ ਨੂੰ ਭਾਜਪਾ ਦੀ ਸਿਆਸੀ ਸਾਜ਼ਿਸ਼ ਦੱਸਣਾ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਹੈ। 329 ਜਾਂਚ ਭਾਜਪਾ ਨੇ ਨਹੀਂ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਪਣੇ ਹੁਕਮ ਨਾਲ ਕਰਵਾਈ ਹੈ। ਹੁਣ ਭਗਵੰਤ ਮਾਨ ਸਰਕਾਰ ਨੂੰ ਭਾਜਪਾ ਤੋਂ ਨਹੀਂ, ਸਗੋਂ ਅਦਾਲਤ ਦੇ ਹੁਕਮ ਤੋਂ ਸਵਾਲ ਪੁੱਛਣੇ ਚਾਹੀਦੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਸਭ ਤੋਂ ਵੱਡਾ ਸਵਾਲ ਇਹ ਹੈ ਕਿ 54 ਵੱਲੋਂ ਪੰਜਾਬ ਪੁਲਿਸ ਨੂੰ 24 ਜੁਲਾਈ, 31 ਜੁਲਾਈ ਅਤੇ 7 ਅਗਸਤ ਨੂੰ ਕਾਰਵਾਈ/FIR ਲਈ ਲਿਖੇ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਨੇ ਕੀ ਕੀਤਾ? ਜੇ 54 ਵੱਲੋਂ ਦਿੱਤੀ ਸਮੱਗਰੀ ਝੂਠੀ ਸੀ ਤਾਂ ਪੰਜਾਬ ਪੁਲਿਸ FIR ਦਰਜ ਕਰਕੇ ਜਾਂਚ ਕਰਦੀ ਅਤੇ ਦੋਸ਼ਾਂ ਨੂੰ ਝੂਠਾ ਸਾਬਤ ਕਰ ਦਿੰਦੀ। ਪਰ ਸਰਕਾਰ ਨੇ ਜਾਂਚ ਕਰਨ ਦੀ ਬਜਾਏ ਮਾਮਲੇ ਨੂੰ ਅੱਗੇ ਵਧਣ ਤੋਂ ਰੋਕਣ ਦੀ ਕੋਸ਼ਿਸ਼ ਕਿਉਂ ਕੀਤੀ? ਉਨ੍ਹਾਂ ਕਿਹਾ ਕਿ ਹਾਈ ਕੋਰਟ ਦੇ ਰਿਕਾਰਡ ਵਿੱਚ 54 ਦੀ ਸਮੱਗਰੀ, ਨਿਤਿਨ ਗੋਹਲ ਦੇ ਕਥਿਤ ਬਿਆਨਾਂ ਅਤੇ WhatsApp ਸਮੱਗਰੀ ਦਾ ਜ਼ਿਕਰ ਹੈ, ਜਿਸ ਵਿੱਚ ਮੁੱਖ ਮੰਤਰੀ ਦੇ OSD ਰਾਜਵੀਰ ਸਿੰਘ ਘੁੰਮਣ ਨਾਲ ਕਥਿਤ ਸੰਪਰਕ ਅਤੇ ਤਬਾਦਲੇ-ਪੋਸਟਿੰਗਾਂ ਨਾਲ ਸਬੰਧਤ ਮਾਮਲਿਆਂ ਦਾ ਜ਼ਿਕਰ ਹੋਣ ਦੀ ਗੱਲ ਸਾਹਮਣੇ ਆਈ ਹੈ। ਭਾਜਪਾ ਕਿਸੇ ਨੂੰ ਦੋਸ਼ੀ ਕਰਾਰ ਨਹੀਂ ਦੇ ਰਹੀ; ਸਾਡਾ ਸਵਾਲ ਸਿਰਫ਼ ਇਹ ਹੈ ਕਿ ਹਾਈ ਕੋਰਟ ਦੇ ਰਿਕਾਰਡ ’ਤੇ ਮੌਜੂਦ ਇਨ੍ਹਾਂ ਤੱਥਾਂ ਦੀ ਨਿਰਪੱਖ ਜਾਂਚ ਤੋਂ ਸਰਕਾਰ ਨੂੰ ਡਰ ਕਿਉਂ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ‘ਕੱਟੜ ਇਮਾਨਦਾਰੀ’ ਦੇ ਵੱਡੇ ਦਾਅਵੇ ਕੀਤੇ ਸਨ। ਹੁਣ ਸਮਾਂ ਆ ਗਿਆ ਹੈ ਕਿ ਮੁੱਖ ਮੰਤਰੀ ਆਪਣੇ ਦਾਅਵਿਆਂ ਦੀ ਕਸੌਟੀ ’ਤੇ ਖਰੇ ਉਤਰਨ। ਜੇ ਉਨ੍ਹਾਂ ਦੇ OSD ਜਾਂ ਸਰਕਾਰ ਨਾਲ ਜੁੜੇ ਕਿਸੇ ਵੀ ਵਿਅਕਤੀ ਖ਼ਿਲਾਫ਼ ਕੋਈ ਗਲਤ ਗੱਲ ਨਹੀਂ ਹੈ ਤਾਂ CBI ਜਾਂਚ ਦਾ ਸਵਾਗਤ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਇਸ ਨੂੰ ਚੋਣੀ ਸਾਜ਼ਿਸ਼ ਕਹਿ ਕੇ ਰੱਦ ਕਰਨ ਦੀ ਕੋਸ਼ਿਸ਼।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ, “ਭਗਵੰਤ ਮਾਨ ਜੀ, ਜੇ ਸਭ ਕੁਝ ਪਾਕ-ਸਾਫ਼ ਹੈ ਤਾਂ ਜਾਂਚ ਤੋਂ ਡਰ ਕਿਉਂ? ਜੇ ਦੋਸ਼ ਝੂਠੇ ਹਨ ਤਾਂ ਜਾਂਚ ਹੋਣ ਦਿਓ, ਸੱਚ ਸਾਹਮਣੇ ਆਉਣ ਦਿਓ ਅਤੇ ਦੋਸ਼ੀਆਂ ਨੂੰ ਕਲੀਨ ਚਿੱਟ ਮਿਲਣ ਦਿਓ। ਪਰ ਜਾਂਚ ਤੋਂ ਭੱਜਣਾ ਲੋਕਾਂ ਦੇ ਮਨ ਵਿੱਚ ਹੋਰ ਵੱਡੇ ਸਵਾਲ ਪੈਦਾ ਕਰਦਾ ਹੈ।” ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਹਰ ਗੰਭੀਰ ਮਾਮਲੇ ਨੂੰ ਚੋਣਾਂ ਨਾਲ ਜੋੜ ਕੇ ਆਪਣੀ ਜਵਾਬਦੇਹੀ ਤੋਂ ਨਹੀਂ ਬਚਣਾ ਚਾਹੀਦਾ। ਇਸ ਪੂਰੇ ਘਟਨਾਕ੍ਰਮ ਵਿੱਚ ਪੰਜਾਬ ਪੁਲਿਸ ਤੋਂ ED ਦੀ ਕਾਰਵਾਈ ਲਈ ਕੀਤੀਆਂ ਗਈਆਂ ਮੰਗਾਂ ਤੋਂ ਲੈ ਕੇ ਹਾਈ ਕੋਰਟ ਦੇ CBI ਜਾਂਚ ਦੇ ਹੁਕਮ ਤੱਕ ਕਈ ਪੜਾਅ ਹਨ। ਇਸ ਪੂਰੇ ਘਟਨਾਕ੍ਰਮ ਵਿੱਚ ਭਾਜਪਾ ਨੇ CBI ਜਾਂਚ ਸ਼ੁਰੂ ਨਹੀਂ ਕਰਵਾਈ—ਫਿਰ ‘ਭਾਜਪਾ ਦੀ ਸਾਜ਼ਿਸ਼’ ਵਾਲੀ ਕਹਾਣੀ ਕਿਉਂ ਘੜੀ ਜਾ ਰਹੀ ਹੈ? ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੂੰ ਰਾਜਨੀਤਿਕ ਬਹਾਨੇ ਨਹੀਂ, ਸੱਚ ਅਤੇ ਜਵਾਬਦੇਹੀ ਚਾਹੀਦੀ ਹੈ। ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ED ਦੇ ਤਿੰਨ ਪੱਤਰਾਂ ’ਤੇ ਪੰਜਾਬ ਪੁਲਿਸ ਨੇ ਕੀ ਕਾਰਵਾਈ ਕੀਤੀ, FIR ਕਿਉਂ ਨਹੀਂ ਦਰਜ ਹੋਈ ਅਤੇ ਹਾਈ ਕੋਰਟ ਸਾਹਮਣੇ ਸਰਕਾਰ ਨੇ ਕੀ ਪੱਖ ਰੱਖਿਆ।

ਪ੍ਰੋ. ਖਿਆਲਾ ਨੇ ਕਿਹਾ—“ ਸਵਾਲ ਬਹੁਤ ਸਿੱਧਾ ਹੈ: ਜਾਂਚ ਤੋਂ ਡਰ ਕਿਉਂ? ਨਿਰਪੱਖ ਜਾਂਚ ਹੋਣ ਦਿਓ, ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋਣ ਦਿਓ। ਜੇ ਕੋਈ ਦੋਸ਼ੀ ਨਹੀਂ ਤਾਂ ਸਰਕਾਰ ਨੂੰ ਸਭ ਤੋਂ ਪਹਿਲਾਂ ਸੱਚ ਸਾਹਮਣੇ ਲਿਆਉਣ ਲਈ CBI ਜਾਂਚ ਦਾ ਸਵਾਗਤ ਕਰਨਾ ਚਾਹੀਦਾ ਹੈ।”

# ਯੂਪੀਆਈ ਫੀਸ ਦੇ ਵਿਰੋਧ ’ਚ ਸਦਰ ਬਾਜ਼ਾਰ ਦੇ ਵਪਾਰੀਆਂ ਦਾ ਜ਼ੋਰਦਾਰ ਪ੍ਰਦਰਸ਼ਨ




**ਨਵੀਂ ਦਿੱਲੀ 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਯੂਪੀਆਈ ਲੈਣ-ਦੇਣ ’ਤੇ ਪ੍ਰਸਤਾਵਿਤ ਵਪਾਰੀ ਛੂਟ ਦਰ ਲਾਗੂ ਕਰਨ ਦੇ ਵਿਰੋਧ ਵਿੱਚ ਸਦਰ ਬਾਜ਼ਾਰ ਬਾਰੀ ਮਾਰਕੀਟ ਟਰੇਡਜ਼ ਐਸੋਸੀਏਸ਼ਨ ਵੱਲੋਂ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਵਪਾਰੀਆਂ ਨੇ “ਵਪਾਰੀਆਂ ’ਤੇ ਨਵਾਂ ਬੋਝ ਨਹੀਂ ਸਹਾਂਗੇ” ਅਤੇ “ਡਿਜੀਟਲ ਭੁਗਤਾਨ ’ਤੇ ਫੀਸ ਬੰਦ ਕਰੋ” ਸਮੇਤ ਕਈ ਨਾਅਰੇ ਲਗਾਉਂਦਿਆਂ ਯੂਪੀਆਈ ਨੂੰ ਫੀਸ-ਮੁਕਤ ਰੱਖਣ ਦੀ ਮੰਗ ਕੀਤੀ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ 2,000 ਰੁਪਏ ਤੋਂ ਵੱਧ ਦੇ ਯੋਗ ਵਪਾਰੀ-ਗਾਹਕ ਯੂਪੀਆਈ ਲੈਣ-ਦੇਣ ’ਤੇ 0.4 ਫ਼ੀਸਦੀ ਵਪਾਰੀ ਛੂਟ ਦਰ ਲਾਗੂ ਹੋਣ ਨਾਲ ਇਸ ਦਾ ਸਿੱਧਾ ਆਰਥਿਕ ਬੋਝ ਵਪਾਰੀਆਂ ’ਤੇ ਪਵੇਗਾ। ਉਨ੍ਹਾਂ ਕਿਹਾ ਕਿ 5,000 ਰੁਪਏ ਦੇ ਲੈਣ-ਦੇਣ ’ਤੇ 20 ਰੁਪਏ, 10,000 ’ਤੇ 40 ਰੁਪਏ ਅਤੇ 50,000 ਰੁਪਏ ’ਤੇ 200 ਰੁਪਏ ਤੱਕ ਵਾਧੂ ਖਰਚਾ ਬਣ ਸਕਦਾ ਹੈ। ਪਹਿਲਾਂ ਹੀ ਮਹਿੰਗਾਈ, ਕਿਰਾਏ, ਤਨਖ਼ਾਹਾਂ ਅਤੇ ਹੋਰ ਵਧਦੇ ਖਰਚਿਆਂ ਨਾਲ ਜੂਝ ਰਹੇ ਛੋਟੇ ਤੇ ਦਰਮਿਆਨੇ ਵਪਾਰੀਆਂ ’ਤੇ ਇਹ ਨਵਾਂ ਬੋਝ ਮਨਜ਼ੂਰ ਨਹੀਂ। ਪੰਮਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਯੂਪੀਆਈ ’ਤੇ ਵਪਾਰੀ ਛੂਟ ਦਰ ਲਾਗੂ ਕਰਨ ਦਾ ਫ਼ੈਸਲਾ ਵਾਪਸ ਲਿਆ ਜਾਵੇ ਅਤੇ ਡਿਜੀਟਲ ਭੁਗਤਾਨ ਨੂੰ ਵਪਾਰੀਆਂ ਲਈ ਪੂਰੀ ਤਰ੍ਹਾਂ ਫੀਸ-ਮੁਕਤ ਰੱਖਿਆ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇ ਇਹ ਬੋਝ ਵਾਪਸ ਨਾ ਲਿਆ ਗਿਆ ਤਾਂ ਵਪਾਰੀ ਲੋਕਤੰਤਰਿਕ ਢੰਗ ਨਾਲ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ। ਇਸ ਮੌਕੇ ਦੀਪਕ ਨਿੰਭਲ, ਵਰਿੰਦਰ ਅਰੋੜਾ, ਜਸਵਿੰਦਰ ਸਿੰਘ, ਰਾਜੇਸ਼ ਭੈਣਾ, ਜਸਬੀਰ ਸਿੰਘ ਸਰਨਾ, ਬਲਵਿੰਦਰ ਸਿੰਘ ਸਰਨਾ, ਰਾਜੀਵ ਸੋਹਰ ਅਤੇ ਤਰੁਣ ਸੋਨੀ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਰਬੱਤ ਦੇ ਭਲੇ ਲਈ

# ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ



**ਬਿਲਾਸਪੁਰ/ਮੋਗਾ , (ਵਰਿਆਮ ਹਠੂਰ)**-ਚਰਚਿਤ ਤੇ ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਸਰਬੱਤ ਦੇ ਭਲੇ, ਵਿੱਦਿਅਕ ਸੰਸਥਾ ਦੀ ਚੜ੍ਹਦੀ ਕਲਾ,ਅਤੇ ਸਮੂਹ ਵਿਦਿਆਰਥੀਆਂ,ਅਧਿਆਪਕਾਂ ਤੇ ਸਟਾਫ਼ ਦੀ ਖੁਸ਼ਹਾਲੀ ਲਈ ਸੁਖਮਨੀ ਸਾਹਿਬ ਜੀ ਦਾ ਪਾਠ ਬੜੀ ਹੀ ਸ਼ਰਧਾ, ਭਾਵਨਾ ਅਤੇ ਅਧਿਆਤਮਿਕ ਮਾਹੌਲ ਵਿੱਚ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਕੀਤੀ ਗਈ, ਜਿਸ ਦੌਰਾਨ ਸਕੂਲ ਦੇ ਪ੍ਰਬੰਧਕਾਂ ਸਮਾਜ ਸੇਵੀ ਪ੍ਰਧਾਨ ਸ੍ਰ: ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ, ਪ੍ਰਿੰਸੀਪਲ ਜਸਮੇਲ ਸਿੰਘ ਸਮੇਤ, ਸਮੂਹ ਸਕੂਲ ਸਟਾਫ, ਵਿਦਿਆਰਥੀਆਂ ਨੇ ਪੂਰੀ ਸ਼ਰਧਾ ਨਾਲ ਹਾਜ਼ਰੀ ਭਰਕੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ ਤੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਸਕੂਲ ਦੀ ਤਰੱਕੀ, ਵਿਦਿਆਰਥੀਆਂ ਦਾ ਭਵਿੱਖ ਉਜਵਲ ਅਤੇ ਸਮੂਹ ਮਨੁੱਖਤਾ ਦੀ ਭਲਾਈ ਲਈ ਅਰਦਾਸ ਕੀਤੀ। ਪਾਠ ਦੌਰਾਨ ਸਕੂਲ ਦਾ ਸਮੁੱਚਾ ਮਹੌਲ ਅਧਿਆਤਮਿਕਤਾ, ਸ਼ਾਂਤੀ, ਸਿਮਰਨ ਅਤੇ ਭਗਤੀ ਨਾਲ ਭਰਪੂਰ ਰਿਹਾ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਕਾਗਰ ਚਿੱਤ ਹੋ ਕੇ ਗੁਰਬਾਣੀ ਦਾ ਸਰਵਣ ਕੀਤਾ ਅਤੇ ਸੁਖਮਨੀ ਸਾਹਿਬ ਜੀ ਦੀ ਬਾਣੀ ਵਿੱਚ ਦਰਸਾਏ ਸ਼ਾਂਤੀ, ਸੇਵਾ, ਨਿਮਰਤਾ, ਸੱਚਾਈ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ। ਇਸ ਪਵਿੱਤਰ ਮੌਕੇ ਵਿਦਿਆਰਥੀਆਂ ਨੂੰ ਗੁਰਬਾਣੀ ਅਤੇ ਧਾਰਮਿਕ ਸੰਸਕਾਰਾਂ ਨਾਲ ਜੁੜਨ ਦੀ ਪ੍ਰੇਰਣਾ ਵੀ ਮਿਲੀ।ਅਰਦਾਸ ਦੌਰਾਨ ਸਭ ਦੇ ਚੰਗੇ ਸਿਹਤਮੰਦ ਜੀਵਨ, ਮਨ ਦੀ ਸ਼ਾਂਤੀ, ਖੁਸ਼ਹਾਲੀ, ਸਫਲਤਾ ਅਤੇ ਚੜ੍ਹਦੀ ਕਲਾ ਲਈ ਬੇਨਤੀ ਕੀਤੀ ਗਈ। ਇਸ ਦੇ ਨਾਲ ਹੀ ਸਕੂਲ ਵਿੱਚ ਸਿੱਖਿਆ ਦਾ ਮਿਆਰ ਹੋਰ ਉੱਚਾ ਹੋਵੇ, ਵਿਦਿਆਰਥੀ ਮਿਹਨਤ, ਅਨੁਸ਼ਾਸਨ ਅਤੇ ਚੰਗੇ ਚਰਿੱਤਰ ਨਾਲ ਅੱਗੇ ਵਧਣ ਅਤੇ ਅਧਿਆਪਕਾਂ ਤੇ ਸਟਾਫ਼ ਨੂੰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਤਾਕਤ ਮਿਲੇ ਇਸ ਲਈ ਵੀ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਅਰਦਾਸ ਬੇਨਤੀ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਸਮੂਹ ਸੰਗਤ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਅਦਾ ਕੀਤਾ। ਹਾਜ਼ਰ ਸੰਗਤ ਵੱਲੋਂ ਸਰਬੱਤ ਦੇ ਭਲੇ, ਸਮਾਜ ਵਿੱਚ ਪਿਆਰ, ਏਕਤਾ, ਸਾਂਝ ਅਤੇ ਭਾਈਚਾਰੇ ਦੀ ਭਾਵਨਾ ਮਜ਼ਬੂਤ ਹੋਣ ਦੀ ਕਾਮਨਾ ਕੀਤੀ ਗਈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਕੂਲ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ, ਚੇਅਰਮੈਨ ਸ੍ਰੀ ਯੋਗਿੰਦਰ ਪ੍ਰਸਾਦ ਸ਼ਰਮਾ, ਅਤੇ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਅਧਿਆਤਮਿਕ ਸਮਾਗਮ ਵਿਦਿਆਰਥੀਆਂ ਦੇ ਮਨ ਵਿੱਚ ਨੈਤਿਕ ਮੁੱਲਾਂ, ਸੇਵਾ-ਭਾਵਨਾ ਅਤੇ ਸੰਸਕਾਰਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸਮੂਹ ਸਕੂਲ ਸਟਾਫ ਅਤੇ ਬੱਚਿਆਂ ਨੇ ਗੁਰੂ ਸਾਹਿਬ ਨੂੰ ਕੀਤਾ ਸਿਜਦਾ ਭੇਟ**

### ਅਕਾਲੀ ਦਲ ਵਾਰਿਸ ਪੰਜਾਬ ਦੇ ਦੁਬਈ ਯੂਨਿਟ ਵੱਲੋਂ

# ਪਾਰਟੀ ਹਾਈ ਕਮਾਂਡ ਦਾ ਵਿਸ਼ੇਸ਼ ਧੰਨਵਾਦ



**ਦੁਬਈ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਦੁਬਈ ਯੂਨਿਟ ਦੀ ਬੇਨਤੀ ਨੂੰ ਸਵੀਕਾਰ ਕਰਦਿਆਂ ਹਲਕਾ ਡੇਰਾ ਬਾਬਾ ਨਾਨਕ ਦੇ ਮੌਜੂਦਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਨਜ਼ਦੀਕੀ ਪਰਿਵਾਰਕ ਮੈਂਬਰ ਅਤੇ ਬਟਾਲਾ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਮਜ਼ਬੂਤ ਕਰਨ ਵਾਲੇ ਮੋਢੀ ਆਗੂਆਂ ਵਿੱਚ ਰਹੇ ਗੁਰਿੰਦਰਜੀਤ ਸਿੰਘ ਪੱਡਾ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋ ਗਏ ਹਨ। ਉਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਹਲਕਾ ਬਟਾਲਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਹੋਰ ਮਜ਼ਬੂਤੀ ਮਿਲਣ ਦੀ ਆਸ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਸਿਆਸੀ ਤੇ ਜਥੇਬੰਦਕ ਗਤੀਵਿਧੀਆਂ ਵਿੱਚ ਵੀ ਵਾਧਾ ਹੋਵੇਗਾ। ਇਸ ਮਹੱਤਵਪੂਰਨ ਕਾਰਜ ਨੂੰ ਨੇਪਰੇ ਚਾੜ੍ਹਨ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੁਬਈ ਯੂਨਿਟ ਦੇ ਕੋਆਰਡੀਨੇਟਰ ਸਰਦਾਰ ਜੋਧਬੀਰ ਸਿੰਘ ਜੱਲੂਪੁਰ ਖੈੜਾ ਦੀ ਵਿਸ਼ੇਸ਼ ਭੂਮਿਕਾ ਰਹੀ ਹੈ। ਦੁਬਈ ਯੂਨਿਟ ਵੱਲੋਂ ਇਸ ਕਾਰਜ ਲਈ ਉਨ੍ਹਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਪਾਰਟੀ ਹਾਈ ਕਮਾਂਡ, ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ, ਤਾਲਮੇਲ ਕਮੇਟੀ ਦੇ ਇੰਚਾਰਜ ਭਾਈ ਸੁਖਵਿੰਦਰ ਸਿੰਘ ਅਗਵਾਨ ਅਤੇ ਪ੍ਰਗਟ ਸਿੰਘ ਰਈਆ ਦਾ ਵੀ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਸਹਿਯੋਗ ਅਤੇ ਅਗਵਾਈ ਸਦਕਾ ਇਹ ਕਾਰਜ ਸੰਭਵ ਹੋ ਸਕਿਆ। ਦੁਬਈ ਯੂਨਿਟ ਦੇ ਪ੍ਰਧਾਨ ਸਰਦਾਰ ਗੁਰਮੇਜ ਸਿੰਘ ਅਤੇ ਪ੍ਰੈਸ ਸਕੱਤਰ ਸਰਦਾਰ ਹਰਜੀਤ ਸਿੰਘ ਸੇਖੋਂ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਗੁਰਿੰਦਰਜੀਤ ਸਿੰਘ ਪੱਡਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਸ਼ਾਮਲ ਹੋਣਾ ਜਥੇਬੰਦੀ ਲਈ ਇੱਕ ਅਹਿਮ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਜਾਬ ਦੀਆਂ ਪੰਥਕ, ਸਮਾਜਿਕ ਅਤੇ ਸਿਆਸੀ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਜੱਦੋ-ਜਹਿਦ ਨੂੰ ਦੇਖਦਿਆਂ ਵੱਖ-ਵੱਖ ਵਰਗਾਂ ਦੇ ਲੋਕਾਂ ਦਾ ਪਾਰਟੀ ਨਾਲ ਜੁੜਨਾ ਇੱਕ ਹਾਂ-ਪੱਖੀ ਸੰਕੇਤ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਲੋਕ ਪਾਰਟੀ ਦੀ ਵਿਚਾਰਧਾਰਾ ਅਤੇ ਨੀਤੀਆਂ ਨਾਲ ਸਹਿਮਤ ਹੁੰਦਿਆਂ ਜਥੇਬੰਦੀ ਨਾਲ ਜੁੜਨਗੇ ਅਤੇ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਹਠੂਰ ਦੇ ਵਿਦਿਆਰਥੀ ਹਰਜੋਤ ਸਿੰਘ ਨੇ ਗੱਤਕਾ ਚੈਂਪੀਅਨਸ਼ਿਪ ਵਿੱਚ ਜਿੱਤਿਆ ਗੋਲਡ ਮੈਡਲ

### ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ, ਗੁਰਜਿੰਦਰ ਸਿੰਘ ਯੂ ਐੱਸ ਏ ਅਤੇ ਸਰਪੰਚ ਨਿੱਪਾ ਹਠੂਰ ਨੇ ਦਿੱਤੀਆਂ ਮੁਬਾਰਕਾਂ




ਜਗਰਾਉਂ -(ਵਰਿਆਮ ਹਠੂਰ) ਸ੍ਰੀ ਨਗਰ ਵਿਖੇ ਹੋਈ ਗੱਤਕਾ ਚੈਂਪੀਅਨਸਿੱਪ ਵਿੱਚ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਹੋਣਹਾਰ ਵਿਦਿਆਰਥੀ ਹਰਜੋਤ ਸਿੰਘ ਸਪੁੱਤਰ ਜਸਵੰਤ ਸਿੰਘ ਕਲੇਰ ਹਠੂਰ ਨੇ ਸਿੰਗਲ ਸੋਟੀ ਫਾਇਟ ਮੁਕਾਬਲੇ ਵਿੱਚ ਗੋਲਡ ਮੈਡਲ ਜਿੱਤ ਕੇ ਜਿੱਥੇ ਆਪਣਾ ਨਾਮ ਰੌਸ਼ਨ ਕੀਤਾ ਉੱਥੇ ਆਪਣੇ ਮਾਪਿਆਂ ਦੇ ਨਾਲ-ਨਾਲ ਕਸਬਾ ਹਠੂਰ ਅਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦਾ ਵੀ ਨਾਮ ਰੌਸ਼ਨ ਕੀਤਾ ਹੈ। ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਜਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸਹਿਰੀਨ ਕੌਰ ਖਾਲਸਾ, ਕੋਚ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਹਠੂਰ, ਗੁਰਜਿੰਦਰ ਸਿੰਘ ਯੂ ਐੱਸ ਏ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਪ੍ਰਧਾਨ ਰਜਿੰਦਰ ਸਿੰਘ ਧਾਲੀਵਾਲ ਹਠੂਰ, ਸਾਬਕਾ ਸਰਪੰਚ ਮਲਕੀਤ ਸਿੰਘ ਧਾਲੀਵਾਲ ਹਠੂਰ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ, ਇਕਬਾਲ ਸਿੰਘ ਹਠੂਰ, ਪੰਚ ਜਗਦੇਵ ਸਿੰਘ ਬੱਬੂ ਗਰੇਵਾਲ ਹਠੂਰ, ਪੰਚ ਮੁਖਤਿਆਰ ਸਿੰਘ ਕਲੇਰ, ਕਬੱਡੀ ਕੋਚ ਰੂਪਾ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਜੇ.ਈ ਤਰਲੋਚਨ ਸਿੰਘ ਹਠੂਰ, ਕਵੀਸ਼ਰ ਵਾਹਿਗੁਰੂਪਾਲ ਸਿੰਘ ਬੁਰਜ ਕਲਾਰਾ, ਪੰਚ ਜਗਦੀਪ ਸਿੰਘ ਦੀਪਾ, ਸਮੇਤ ਨਗਰ ਨਿਵਾਸਿਆਂ ਨੇ ਵਿਦਿਆਰਥੀ ਹਰਜੋਤ ਸਿੰਘ ਹਠੂਰ ਨੂੰ ਗੋਲਡ ਮੈਡਲ ਜਿੱਤ ਕੇ ਨਗਰ ਦਾ ਮਾਣ ਵਧਾਉਣ ਲਈ ਮੁਬਾਰਕਾਂ ਦਿੱਤੀਆਂ, ਗੱਲਬਾਤ ਕਰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਅਪਾਰ ਕ੍ਰਿਪਾ ਸਦਕਾ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਛੋਟੀਆਂ ਤੋਂ ਲੈਕੇ ਗੱਤਕੇ ਦੀਆਂ ਵੱਡੀਆਂ-ਵੱਡੀਆਂ ਸਟੇਜਾਂ ਤੋਂ ਗੱਤਕੇ ਦੇ ਜੌਹਰ ਵਿਖਾ ਕੇ ਸਨਮਾਨ ਹਾਸਿਲ ਕਰ ਚੁੱਕਾ ਹੈ। ਸਾਡੇ ਵੱਲੋਂ ਜਿੱਥੇ ਬੱਚਿਆਂ ਨੂੰ ਗੱਤਕਾ ਕਲਾ ਨਾਲ ਜੋੜਨ ਲਈ ਗੱਤਕੇ ਦੀ ਸਿਖਲਾਈ ਦਿੱਤੀ ਜਾਂਦੀ ਹੈ। ਉੱਥੇ ਨੌਜਵਾਨਾਂ ਨੂੰ ਪਤਿੱਤਪੁਣੇ ਤੋਂ ਮੁੜ ਗੁਰਸਿੱਖੀ ਨਾਲ ਜੋੜਨ ਲਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਹਰ ਸਾਲ ਗੱਤਕਾ ਕੱਪ ਵੀ ਕਰਵਾਇਆ ਜਾਂਦਾ ਹੈ। ਤੇ ਜੇਤੂ ਟੀਮਾਂ ਨੂੰ ਵੱਡੇ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਜਾਂਦਾ ਹੈ। ਤੇ ਹੋਰਨਾਂ ਬੱਚਿਆਂ ਦਾ ਵੀ ਹੌਸਲਾ ਅਫਜਾਈ ਕੀਤਾ ਜਾਂਦਾ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਅਤੇ ਗੱਤਕਾ ਕਲਾ ਦੀ ਸਿਖਲਾਈ ਦੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾ. ਗੁਰਨਾਮ ਸਿੰਘ ਦੇ ਸੱਦੇ ਮਲਕੀਤ ਥਿੰਦ ਨੇ ਪੱਛੜੇ ਵਰਗ ਦਿਆਂ ਲੋਕਾਂ ਦੀ ਕੀਤੀ ਸੁਣਵਾਈ



**ਚੌਕ ਮਹਿਤਾ,7 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੱਛੜੇ ਵਰਗ ਚੋਂ ਚੋਟੀ ਦੇ ਲੀਡਰ ਡਾਕਟਰ ਗੁਰਨਾਮ ਸਿੰਘ (ਲੱਕੀ) ਸੰਦਪੁਰ ਦੇ ਸੱਦੇ ਤੇ ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਡਾਕਟਰ ਮਲਕੀਤ ਸਿੰਘ ਥਿੰਦ ਨੇ ਬਟਾਲਾ ਵਿਖੇ ਪੱਛੜੇ ਵਰਗ ਦੇ ਭਾਈਚਾਰੇ ਨਾਲ ਮੁਲਾਕਾਤ ਕੀਤੀ। ਇਸ ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਮਾਗਮ ਦੇ ਮੇਜਬਾਨ ਡਾਕਟਰ ਗੁਰਨਾਮ ਸਿੰਘ ਲੱਕੀ ਸੰਦਲਪੁਰ ਨੇ ਚੇਅਰਮੈਨ ਮਲਕੀਤ ਥਿੰਦ ਦੀ ਆਮਦ ਤੇ ਫੁੱਲਾਂ ਦੇ ਗੁਲਦਸਤੇ ਭੇਂਟ ਕਰ ਉਨ੍ਹਾ ਦਾ ਹਾਰਦਿਕ ਸਵਾਗਤ ਕੀਤਾ। ਸਵਾਗਤੀ ਕਮੇਟੀ ‘ਚ ਸ਼ਾਮਲ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ,ਹੈਪੀ ਖੁਜਾਲਾ,ਦਲਜੀਤ ਸਿੰਘ (ਇੰਸਪੈਕਟਰ ਰਿਟਾ.),ਰਵਿੰਦਰ ਜੱਜ ਸੰਦਲਪੁਰ,ਮਨਦੀਪ ਸਿੰਘ ਹਰਪੁਰਾ,ਸਰਪੰਚ ਸਿਕੰਦਰ ਸਿੰਘ ਕਰਨਾਮਾ,ਡਾ: ਸੁੱਖ ਨੱਤ,ਹਰਪਾਲ ਸਿੰਘ ਐਮ.ਸੀ.ਬਟਾਲਾ,ਗੁਰਵਿੰਦਰ ਸਿੰਘ ਬੁੱਜਿਆਂਵਾਲੀ ਅਤੇ ਦੀਪਕ ਬਟਾਲਾ ਨੇ ‘ਹਾਰ’ ਪਾਕੇ ਚੇਅਰਮੈਨ ਡਾ ਮਲਕੀਤ ਥਿੰਦ ਦਾ ਸਵਾਗਤ ਕੀਤਾ। ਕੰਬੋਜ ਬਿਰਾਦਰੀ ਦੇ ਜ਼ਿਲਾ ਗੁਰਦਾਸਪੁਰ ਦੇ ਚੇਅਰਮੈਨ ਸ ਰਾਵਿੰਦਰ ਸਿੰਘ ਨੇ ਡਾਕਟਰ ਗੁਰਨਾਮ ਸਿੰਘ ਲੱਕੀ ਵੱਲੋਂ ਡਾ ਥਿੰਦ ਨੂੰ ਬਟਾਲੇ ਬੁਲਾਕੇ ਭਾਈਚਾਰੇ ਦੇ ਰੂ-ਬਰੂ ਕਵਾਉਂਣ ਦੇ ਕੀਤੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸਨ ਦੇ ਚੇਅਰਮੈਂਨ ਡਾ ਮਲਕੀਤ ਥਿੰਦ ਨੇ ਜਿਥੇਂ ਕੇਂਦਰੀ ਅਤੇ ਸੂਬਾਈ ਲੋਕ ਪੱਖੀ ਯੋਜਨਾਵਾਂ ਬਾਰੇ ਭਾਈਚਾਰੇ ਦਿਆਂ ਲੋਕਾਂ ਨੂੰ ਜਾਗਰੂਕ ਕੀਤਾ ਉਥੇਂ ਸਾਸ਼ਨ ਅਤੇ ਪ੍ਰਸਾਸ਼ਨ ਨੂੰ ਸਖਤ ਹਦਾਇਤ ਕੀਤੀ ਕਿ ਸਥਾਨਕ ਪੱਧਰ ਤੇ ਜੇਕਰ ਜਨਤਾ ਨੂੰ ਕੋਈ ਕੰਮ ਕਾਰ ਹੋਵੇ ਤਾਂ ਉਹ ਡਾਕਟਰ ਗੁਰਨਾਮ ਸਿੰਘ ਲੱਕੀ ਨੂੰ ਮਿਲਕੇ ਮਸਲਾ ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਤੱਕ ਪਹੁੰਚ ਕਰ ਸਕਦੇ ਹਨ। ਮੀਟਿੰਗ ‘ਚ ਬੈਠੇ ਪ੍ਰਸਾਸ਼ਿਨਕ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੱਛੜੇ ਵਰਗ ਦਿਆਂ ਲੋਕਾਂ ਨੂੰ ਹਮਦਰਦੀ ਨਾਲ ਸੁਣਿਆਂ ਜਾਵੇ ਅਤੇ ਪੱਛੜੇ ਵਰਗ ਦੇ ਲੋਕਾਂ ਨੂੰ ਵੱਖ ਵੱਖ ਸਰਕਾਰੀ ਯੋਜਨਾਵਾਂ ਦੇ ਘੇਰੇ ਹੇਠ ਲਿਆਂਦਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### 12 ਸਾਲਾਂ ਤੋਂ ਬੰਦ ਪਿਆ ਤਲਵੰਡੀ ਸਾਬੋ ਦਾ

# ਨਸ਼ਾ ਮੁਕਤੀ ਕੇਂਦਰ ਮੁੜ ਚਾਲੂ ਕਰਨ ਦੀ ਤਿਆਰੀ, ਬੀਬਾ ਬਲਜਿੰਦਰ ਕੌਰ ਕਰਨਗੇ ਉਦਘਾਟਨ

**ਤਲਵੰਡੀ ਸਾਬੋ, 7 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਲੰਬੇ ਸਮੇਂ ਤੋਂ ਬੰਦ ਪਏ ਨਸ਼ਾ ਮੁਕਤੀ ਕੇਂਦਰ ਨੂੰ ਮੁੜ ਚਾਲੂ ਕਰਨ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ।ਇਸ ਸਬੰਧੀ 9 ਅਕਤੂਬਰ, ਦਿਨ ਸ਼ੁੱਕਰਵਾਰ ਨੂੰ ਸਵੇਰੇ 10:30 ਵਜੇ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ। ਨਸ਼ਾ ਮੁਕਤੀ ਕੇਂਦਰ ਦੇ ਮੁੜ ਚਾਲੂ ਹੋਣ ਸਬੰਧੀ ਹੋਣ ਵਾਲੇ ਇਸ ਸਮਾਗਮ ਦਾ ਉਦਘਾਟਨ ਹਲਕਾ ਤਲਵੰਡੀ ਸਾਬੋ ਦੀ ਵਿਧਾਇਕ ਪ੍ਰੋ. ਬੀਬਾ ਬਲਜਿੰਦਰ ਕੌਰ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧਵਨ ਅਤੇ ਸਿਵਲ ਸਰਜਨ ਬਠਿੰਡਾ ਸ੍ਰੀ ਤੁਪਿੰਦਰਜੋਤ ਕੌਸ਼ਲ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸਿਹਤ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਹੋਰ ਪਤਵੰਤੇ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਸਮਾਗਮ ਵਿੱਚ ਸ਼ਾਮਲ ਹੋਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਵਿੱਚ ਸਥਿਤ ਨਸ਼ਾ ਮੁਕਤੀ ਕੇਂਦਰ ਪਿਛਲੇ ਕਰੀਬ 12 ਸਾਲਾਂ ਤੋਂ ਬੰਦ ਪਿਆ ਸੀ। ਉਨ੍ਹਾਂ ਦੱਸਿਆ ਕਿ ਕੇਂਦਰ ਨੂੰ ਮੁੜ ਚਾਲੂ ਕਰਨ ਲਈ ਸਿਹਤ ਵਿਭਾਗ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਸਨ ਅਤੇ ਹੁਣ ਇਸ ਨੂੰ ਦੁਬਾਰਾ ਲੋਕਾਂ ਦੀ ਸੇਵਾ ਲਈ ਚਾਲੂ ਕਰਨ ਦੀ ਪ੍ਰਕਿਰਿਆ ਅੱਗੇ ਵਧਾਈ ਗਈ ਹੈ। ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਨਸ਼ਾ ਅੱਜ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣਿਆ ਹੋਇਆ ਹੈ ਅਤੇ ਨਸ਼ੇ ਦੀ ਲਤ ਤੋਂ ਪੀੜਤ ਵਿਅਕਤੀਆਂ ਨੂੰ ਇਲਾਜ ਦੇ ਨਾਲ-ਨਾਲ ਸਹੀ ਮਾਰਗਦਰਸ਼ਨ ਅਤੇ ਸਹਿਯੋਗ ਦੀ ਲੋੜ ਹੁੰਦੀ ਹੈ। ਤਲਵੰਡੀ ਸਾਬੋ ਵਿਖੇ ਨਸ਼ਾ ਮੁਕਤੀ ਕੇਂਦਰ ਦੇ ਮੁੜ ਚਾਲੂ ਹੋਣ ਨਾਲ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਆਪਣੇ ਇਲਾਕੇ ਵਿੱਚ ਹੀ ਇਲਾਜ ਅਤੇ ਸਿਹਤ ਸਹੂਲਤਾਂ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਕੇਂਦਰ ਦਾ ਮੁੱਖ ਉਦੇਸ਼ ਨਸ਼ੇ ਦੀ ਲਤ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਅਤੇ ਲੋੜੀਂਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਾ ਛੱਡ ਕੇ ਆਮ ਜੀਵਨ ਵੱਲ ਪਰਤਣ ਲਈ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਛੁਡਾਉਣ ਦੀ ਪ੍ਰਕਿਰਿਆ ਵਿੱਚ ਮਰੀਜ਼ ਅਤੇ ਉਸ ਦੇ ਪਰਿਵਾਰ ਦਾ ਸਹਿਯੋਗ ਵੀ ਬਹੁਤ ਮਹੱਤਵਪੂਰਨ ਹੁੰਦਾ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ੇ ਦੀ ਸਮੱਸਿਆ ਨੂੰ ਛੁਪਾਉਣ ਦੀ ਬਜਾਏ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਲਈ ਸਿਹਤ ਸੰਸਥਾਵਾਂ ਤੱਕ ਲਿਆਂਦਾ ਜਾਵੇ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਨਸ਼ਾ ਮੁਕਤੀ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਨਸ਼ਾ ਮੁਕਤੀ ਕੇਂਦਰ ਦੇ ਮੁੜ ਚਾਲੂ ਹੋਣ ਨਾਲ ਤਲਵੰਡੀ ਸਾਬੋ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ਅਤੇ ਨਸ਼ੇ ਦੀ ਬੁਰੀ ਆਦਤ ਤੋਂ ਪੀੜਤ ਲੋਕਾਂ ਨੂੰ ਇਲਾਜ ਪ੍ਰਾਪਤ ਕਰਨ ਲਈ ਦੂਰ-ਦੁਰਾਡੇ ਨਹੀਂ ਜਾਣਾ ਪਵੇਗਾ। ਉਨ੍ਹਾਂ ਸਮਾਜ ਦੇ ਸਾਰੇ ਵਰਗਾਂ ਨੂੰ ਨਸ਼ਿਆਂ ਵਿਰੁੱਧ ਸਾਂਝੀ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।




**9 ਅਕਤੂਬਰ ਨੂੰ ਹੋਵੇਗਾ ਸਮਾਗਮ, ਡਿਪਟੀ ਕਮਿਸ਼ਨਰ ਰਾਜੇਸ਼ ਧਵਨ ਅਤੇ ਸਿਵਲ ਸਰਜਨ ਤੁਪਿੰਦਰਜੋਤ ਕੌਸ਼ਲ ਹੋਣਗੇ ਵਿਸ਼ੇਸ਼ ਮਹਿਮਾਨ**

### ਹਲਕਾ ਜੰਡਿਆਲਾ ਗੁਰੂ ਤੋਂ

# 65ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ



**ਜੰਡਿਆਲਾ ਗੁਰੂ, 7 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਦੇਵੀਦਾਸਪੁਰਾ ਤੋਂ ਹਲਕੇ ਦੀ 65ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰਵਾਏ ਜਾਣਗੇ।ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ ਪੰਜ ਲੱਖ ਤੋਂ ਵੱਧ ਯਾਤਰੀ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਰੋਜ਼ਾਨਾ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੋਂ ਤੀਰਥ ਯਾਤਰਾ ਦੀਆਂ ਬੱਸਾਂ ਰਵਾਨਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਅੱਜ 64ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਤੀਰਥ ਯਾਤਰਾ ਕਰਨ ਵਾਲੇ ਬਜ਼ੁਰਗਾਂ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾ ਕੇ 'ਸਰਵਣ ਪੁੱਤਰ' ਦੀ ਭੂਮਿਕਾ ਨਿਭਾਈ ਹੈ।

**ਪਿੰਡ ਦੇਵੀਦਾਸਪੁਰਾ ਦੀ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਕਰੇਗੀ ਦਰਸ਼ਨ - ਹਰਭਜਨ ਸਿੰਘ ਈ.ਟੀ.ਓ.**

# ਗੁਰਬਾਣੀ ਰਿਸਰਚ ਫਾਊਂਡੇਸ਼ਨ ਵਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ 'ਨਿਸ਼ਕਾਮ ਗੁਰਧਾਮ ਯਾਤਰਾ' ਦਾ ਉਪਰਾਲਾ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):— ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ 'ਨਿਸ਼ਕਾਮ ਗੁਰਧਾਮ ਯਾਤਰਾ' ਦਾ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਇਹ ਯਾਤਰਾ ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਚੇਅਰਮੈਨ, ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ-ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰਜੀ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਹੈ। ਭਾਈ ਪਰਮਜੀਤ ਸਿੰਘ ਵੀਰਜੀ ਵੱਲੋਂ ਲੰਮੇ ਸਮੇਂ ਤੋਂ ਸੰਗਤਾਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਇਤਿਹਾਸਕ ਗੁਰਧਾਮਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਧਾਰਮਿਕ ਉਪਰਾਲਿਆਂ ਦੀ ਲੜੀ ਤਹਿਤ ਇਸ ਯਾਤਰਾ ਦਾ ਆਯੋਜਨ ਕੀਤਾ ਗਿਆ ਹੈ। ਇਸ ਉਪਰਾਲੇ ਦਾ ਮੁੱਖ ਉਦੇਸ਼ ਸੰਗਤਾਂ ਨੂੰ ਗੁਰੂ ਸਾਹਿਬਾਨ ਨਾਲ ਸਬੰਧਤ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਨਾਲ-ਨਾਲ ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਦੀਆਂ ਮਹਾਨ ਕੁਰਬਾਨੀਆਂ ਨਾਲ ਹੋਰ ਗਹਿਰਾਈ ਨਾਲ ਜੋੜਨਾ ਹੈ। 10 ਅਕਤੂਬਰ 2026, ਸ਼ਨੀਵਾਰ ਨੂੰ ਸਵੇਰੇ 5 ਵਜੇ ਜੇਲ੍ਹ ਰੋਡ, ਓਮ ਸਵੀਟਸ ਅਤੇ ਪੈਟਰੋਲ ਪੰਪ ਨੇੜੇ, ਨਵੀਂ ਦਿੱਲੀ ਤੋਂ ਯਾਤਰਾ ਰਵਾਨਾ ਹੋਵੇਗੀ। ਯਾਤਰਾ ਦੌਰਾਨ ਸੰਗਤਾਂ ਵੱਲੋਂ ਧਮਧਾਮ ਸਾਹਿਬ (ਜੀਂਦ), ਮੰਜੀ ਸਾਹਿਬ (ਲਖਨ ਮਾਜਰਾ) ਅਤੇ ਬੰਗਲਾ ਸਾਹਿਬ (ਰੋਹਤਕ) ਦੇ ਦਰਸ਼ਨ ਕੀਤੇ ਜਾਣਗੇ ਅਤੇ ਯਾਤਰਾ ਉਸੇ ਦਿਨ ਦਿੱਲੀ ਵਾਪਸ ਪਰਤੇਗੀ। ਭਾਈ ਪਰਮਜੀਤ ਸਿੰਘ ਵੀਰਜੀ ਦੀ ਦੇਖ-ਰੇਖ ਹੇਠ ਨਿਸ਼ਕਾਮ ਯਾਤਰਾ ਵਿੱਚ ਸ਼ਾਮਲ ਸੰਗਤਾਂ ਲਈ ਗੁਰੂ ਕੇ ਲੰਗਰ ਦੀ ਸੇਵਾ ਬਿਲਕੁਲ ਨਿਸ਼ਕਾਮ ਰੱਖੀ ਗਈ ਹੈ। ਇਲਾਕੇ ਦੀਆਂ ਸੰਗਤਾਂ ਵੱਲੋਂ ਇਸ ਉਪਰਾਲੇ ਨੂੰ ਸਿੱਖ ਇਤਿਹਾਸ, ਗੁਰਬਾਣੀ ਅਤੇ ਇਤਿਹਾਸਕ ਗੁਰਧਾਮਾਂ ਨਾਲ ਸੰਗਤ ਨੂੰ ਜੋੜਨ ਵਾਲੀ ਇੱਕ ਸ਼ਲਾਘਾਯੋਗ ਧਾਰਮਿਕ ਸੇਵਾ ਦੱਸਿਆ ਜਾ ਰਿਹਾ ਹੈ। 'ਨਿਸ਼ਕਾਮ ਗੁਰਧਾਮ ਯਾਤਰਾ' ਵਿੱਚ ਸ਼ਾਮਲ ਹੋਣ ਲਈ ਵਾਰਡ ਨੰਬਰ 33, ਸ਼ਿਵ ਨਗਰ, ਹਰੀ ਨਗਰ, ਵਰਿੰਦਰ ਨਗਰ, ਪ੍ਰੇਮ ਨਗਰ, ਜਨਕਪੁਰੀ, ਲਾਜਵੰਤੀ ਗਾਰਡਨ ਅਤੇ ਆਸ-ਪਾਸ ਦੇ ਇਲਾਕਿਆਂ ਦੀ ਸਾਧ-ਸੰਗਤ ਆਪਣੇ ਨਾਮ 9911660821 ਤੇ ਦਰਜ ਕਰਵਾ ਸਕਦੀ ਹੈ। ਇਸ ਉਪਰਾਲੇ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਨ ਦੇ ਨਾਲ-ਨਾਲ ਸਿੱਖ ਇਤਿਹਾਸ ਨੂੰ ਨੇੜਿਓਂ ਜਾਣਨ ਅਤੇ ਆਪਣੀ ਅਗਲੀ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੀਆਂ ਮਹਾਨ ਕੁਰਬਾਨੀਆਂ ਨਾਲ ਜੋੜਨ ਦਾ ਮੌਕਾ ਮਿਲੇਗਾ।



# ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਸਿੰਘ ਸਾਹਿਬ ਗਿਆਨੀ ਭੁਪਿੰਦਰ ਸਿੰਘ ਗਦਲੀ ਤੇਰੀ ਓਟ ਆਸ਼ਿਆਨਾ ਵਾਲੇ ਯੂ ਕੇ ਵਿਦੇਸ਼ ਵਿੱਚ ਪ੍ਰਚਾਰ ਕਰਕੇ ਪੰਜਾਬ ਆਏ

**ਚੌਕ ਮਹਿਤਾ, 7 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਤੇਰੀ ਓਟ ਆਸ਼ਿਆਨਾ ਗਦਲੀ ਦੇ ਮੌਜੂਦਾ ਮੁੱਖੀ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਸਿੰਘ ਸਾਹਿਬ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕੁਝ ਸਮਾਂ ਪਹਿਲਾਂ ਵਿਦੇਸ਼ ਯੂ ਕੇ ਦੀ ਧਰਤੀ ਤੇ ਧਰਮ ਪ੍ਰਚਾਰ ਕਰਨ ਲਈ ਗਏ ਸਨ ।ਯੂ ਕੇ ਦੀਆਂ ਸੰਗਤਾਂ ਨੇ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਵੱਖ ਵੱਖ ਥਾਵਾਂ ਤੇ ਨਿੱਘਾ ਸੁਆਗਤ ਕੀਤਾ । ਗਿਆਨੀ ਜੀ ਨੇ ਯੂ ਕੇ ਦੀ ਧਰਤੀ ਤੇ ਵੱਖ ਵੱਖ ਥਾਵਾਂ ਸਿੱਖ ਸੰਗਤਾਂ ਨੂੰ ਕਥਾ ਵਿਚਾਰਾਂ ਦੀ ਸਾਂਝ ਪਾਈ। ਅੱਜ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਪੰਜਾਬ ਦੀ ਧਰਤੀ ਤੇ ਵਾਪਸ ਆ ਗਏ ਹਨ ਉਨ੍ਹਾਂ ਦੇ ਆਉਣ ਤੇ ਪੰਜਾਬ ਦੀਆਂ ਸੰਗਤਾਂ ਨੇ ਗਿਆਨੀ ਜੀ ਨਿੱਘਾ ਸੁਆਗਤ ਕੀਤਾ ।ਸਭ ਤੋਂ ਤੇਰੀ ਓਟ ਆਸ਼ਿਆਨਾ ਗਦਲੀ ਆ ਕੇ ਬੇਸਹਾਰਾ ਬੱਚਿਆਂ ਔਰਤਾਂ ਅਤੇ ਬਜ਼ੁਰਗਾਂ ਨੂੰ ਮਿਲ਼ੇ ਫਿਰ ਗਿਆਨੀ ਭੁਪਿੰਦਰ ਸਿੰਘ ਗਦਲੀ ਆਪਣੇ ਘਰ ਗਏ ਉਨਾ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ।



# ਬਜੁਰਗ ਮਾਤਾ ਦੇ ਘਰ ਵਿਚ ਹੋਈ 5 ਲੱਖ ਦੀ ਚੋਰੀ

ਫ਼ਿਰੋਜ਼ਪੁਰ, 07 ਅਕਤੂਬਰ (ਮਨੋਹਰ ਲਾਲ) :— ਘਰ ਦੇ ਮੇਨ ਦਰਵਾਜੇ ਤੋੜ ਕੇ ਘਰੋਂ ਸੋਨਾ, ਪੈਸੇ ਅਤੇ ਘਰੇਲੂ ਸਮਾਨ ਚੋਰੀ ਕਰਨ ਵਾਲੇ ਮੁਲਜ਼ਮਾਂ ਨੂੰ ਕਾਬੂ ਕਰਨ ਦੀ ਬਜੁਰਗ ਮਾਤਾ ਹਰਜੀਤ ਬਾਲਾ ਨੇ ਲਾਈ ਗੁਹਾਰ।ਪੁਲਿਸ ਥਾਣਾ ਸਿਟੀ ਦੇ ਐਸ.ਐਚ.ਓ ਨੂੰ ਦਿੱਤੀ ਦਰਖਾਸਤ ਵਿਚ ਮਾਤਾ ਹਰਜੀਤ ਬਾਲਾ ਵਿਧਵਾ ਕੁਲਦੀਪ ਰੋਸ਼ਨ ਨੇ ਦੱਸਿਆ ਕਿ ਉਸ ਦਾ ਰਿਹਾਇਸ਼ੀ ਮਕਾਨ ਵਾਰਡ ਨੰਬਰ 10, ਗਲੀ ਨੰਬਰ 2, ਬਾਬਾ ਰਾਮ ਲਾਲ ਨਗਰ, ਫ਼ਿਰੋਜ਼ਪੁਰ ਸ਼ਹਿਰ ਵਿਖ ਹੈ ਅਤੇ ਉਸ ਦੀ ਬੁਢਾਪੇ ਕਰਕੇ ਸਿਹਤ ਖਰਾਬ ਹੈ ਅਤੇ ਉਸ ਦਾ ਇਲਾਜ ਉਸ ਦੇ ਭਰਾ ਵੱਲੋਂ ਕਰਵਾਇਆ ਜਾ ਰਿਹਾ ਹੈ। ਬਜ਼ੁਰਗ ਮਾਤਾ ਨੇ ਕਿਹਾ ਕਿ ਉਸ ਦੀ ਸਾਂਭ—ਸੰਭਾਲ ਉਸਦਾ ਭਰਾ ਮਨਜੀਤ ਸਿੰਘ ਵਾਸੀ ਅੰਮ੍ਰਿਤਸਰੀ ਗੇਟ ਕਰ ਰਿਹਾ ਹੈ, ਜਿਸ ਪਾਸ ਉਹ ਕੁਝ ਦਿਨਾਂ ਤੋਂ ਰਹਿ ਰਹੀ ਸੀ।ਉਸ ਨੇ ਦੱਸਿਆ ਕਿ ਜਦੋਂ ਉਹ ਆਪਣੇ ਭਤੀਜੇ ਨਾਲ ਆਪਣੇ ਘਰ ਵਿਚ ਲੱਗੇ ਬੂਟਿਆਂ ਨੂੰ ਪਾਣੀ ਪਾਉਣ ਗਈ ਤਾਂ ਦੇਖਿਆ ਕਿ ਉਸ ਦੇ ਘਰ ਦਾ ਮੇਨ ਦਰਵਾਜਾ ਟੁਟਿਆ ਹੋਇਆ ਸੀ ਅਤੇ ਕੋਈ ਅਗਿਆਤ ਚੋਰ ਉਸ ਦੇ ਘਰ ਵਿਚੋਂ ਸੋਨਾ, ਪੈਸੇ ਅਤੇ ਸਾਰਾ ਘਰੇਲੂ ਸਮਾਨ ਚੋਰੀ ਕਰ ਚੁੱਕੇ ਸਨ। ਉਸ ਨੇ ਦੱਸਿਆ ਕਿ ਉਸ ਦੇ ਘਰੋਂ ਕਰੀਬ 5 ਲੱਖ ਰੁਪਏ ਦੇ ਸਮਾਨ ਵਗੈਰਾ ਦੀ ਚੋਰੀ ਹੋਈ ਹੈ, ਜਦੋਂ ਕਿ ਘਰ ਦੀ ਤੋੜ—ਭੰਨ ਅਲੱਗ ਤੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹੈਲਪਲਾਈਨ ਨੰਬਰ 112 ਪਰ ਵੀ ਕਾਲ ਕੀਤੀ ਸੀ ਅਤੇ ਹੁਣ ਪੁਲਿਸ ਥਾਣਾ ਸਿਟੀ ਵਿਖੇ ਵੀ ਲਿਖਤੀ ਬੇਨਤੀ ਕੀਤੀ ਗਈ ਹੈ ਤਾਂ ਜੋ ਚੋਰਾਂ ਨੂੰ ਕਾਬੂ ਕਰਕੇ ਉਸ ਦਾ ਸਮਾਨ ਵਾਪਸ ਦਵਾਇਆ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖਤ ਸਾਹਿਬ ਦੀ ਪਵਿੱਤਰ ਧਰਤੀ 'ਤੇ ਵਾਪਰੇ ਘਿਨਾਉਣੇ ਕਾਂਡ ਲਈ

# ਜਿੰਮੇਵਾਰ ਲੋਕਾਂ ਨੂੰ ਮਿਲੇ ਮਿਸਾਲੀ ਸਜਾ : ਹਰਬੰਸ ਸਿੰਘ ਕੰਧੋਲਾ







**ਸ੍ਰੀ ਅਨੰਦਪੁਰ ਸਾਹਿਬ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਸ਼ੁਰੂ ਕੀਤੀ ਗਈ ਗੁਰਦੁਆਰਾ ਸੁਧਾਰ ਲਹਿਰ 2 ਤਹਿਤ ਜੋ ਸ੍ਰੀ ਅਕਾਲ ਤਖਤ ਸਾਹਿਬ 'ਤੇ ਅਰਦਾਸ ਕਰਨ ਦਾ ਸਿਲਸਿਲਾ ਆਰੰਭ ਕੀਤਾ ਸੀ, ਉਸ ਮੁਤਾਬਕ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿੱਚ ਅਰਦਾਸ ਕੀਤੀ ਗਈ। ਕਿਉਂਕਿ ਇਹ ਘਿਨਾਉਣਾ ਕਾਂਡ ਇਸੇ ਪਵਿੱਤਰ ਅਸਥਾਨ 'ਤੇ ਵਾਪਰਿਆ ਸੀ। ਜਿਲ੍ਹਾ ਰੋਪੜ ਦੇ ਪ੍ਰਧਾਨ ਸ ਗੁਰਮੀਤ ਸਿੰਘ ਮਕੜੌਨਾ ਅਤੇ ਮੁਹਾਲੀ ਦੇ ਪ੍ਰਧਾਨ ਸ ਜੋਰਾ ਸਿੰਘ ਚੱਪੜਚਿੜੀ ਦੀ ਅਗਵਾਈ ਹੇਠ ਵੱਡਾ ਜਥਾ ਸ੍ਰੀ ਆਨੰਦਪੁਰ ਸਾਹਿਬ ਪਹੁੰਚਿਆ। ਇਸ ਜਥੇ ਵਿੱਚ ਸ਼ਾਮਲ ਪਾਰਟੀ ਦੇ ਜਨਰਲ ਸਕੱਤਰ ਸ ਹਰਬੰਸ ਸਿੰਘ ਕੰਧੋਲਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਪਵਿੱਤਰ ਧਰਤੀ 'ਤੇ ਇਕ ਬਹੁਤ ਹੀ ਘਿਨਾਉਣੀ ਸਾਜਿਸ਼ ਰਚੀ ਗਈ ਜਿਸ ਦਾ ਮਕਸਦ ਦੋ ਦਸੰਬਰ ਦੇ ਹੁਕਮਨਾਮਿਆ ਵਿੱਚ ਸ਼ਾਮਲ ਸਿੰਘ ਸਹਿਬਾਨ ਦੀ ਕਿਰਦਾਰਕੁਸ਼ੀ ਕਰਨਾ ਸੀ। ਇਹ ਇਕ ਤਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸ਼ਾਨ ਅਤੇ ਆਜਾਦ ਹਸਤੀ ਤੇ ਹਮਲਾ ਸੀ ਜਿਸ ਦੇ ਦੋਸ਼ੀਆਂ ਨੂੰ ਨੰਗਾ ਕਰਕੇ ਮਿਸਾਲੀ ਸਜਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਮੁੜ ਕੇ ਕੋਈ ਛੋਟੀ ਸੋਚ ਵਾਲਾ ਸਨਕੀ ਆਦਮੀ ਅਜਿਹੀ ਜੁਰਅਤ ਨਾ ਕਰ ਸਕੇ। ਸ ਕੰਧੋਲਾ ਨੇ ਦੱਸਿਆ ਕਿ ਅਸੀਂ ਗੁਰੂ ਪਾਤਸ਼ਾਹ ਅੱਗੇ ਵੀ ਇਹੋ ਅਰਦਾਸ ਕੀਤੀ ਹੈ ਕਿ ਹੇ ਸੱਚੇ ਪਾਤਸ਼ਾਹ! ਰਾਜਨੀਤਿਕ ਲਾਹਾ ਲੈਣ ਵਾਸਤੇ ਤੇਰੇ ਤਖਤਾਂ ਦੀ ਸ਼ਾਨ ਰੋਲਣ ਵਾਲਿਆਂ ਦਾ ਮੂੰਹ ਦੋਹੀਂ ਜਹਾਨੀ ਕਾਲਾ ਹੋਵੇ। ਸਾਨੂੰ ਪੂਰੀ ਉਮੀਦ ਹੈ ਕਿ ਬਾਜਾਂ ਵਾਲੇ ਸਤਿਗੁਰੂ ਆਪਣੇ ਪੰਥ ਦੀ ਅਰਦਾਸ ਜਰੂਰ ਸੁਣਨਗੇ। ਸ ਕੰਧੋਲਾ ਨੇ ਸਰਕਾਰੀ ਧਿਰ ਉੱਤੇ ਵੀ ਦੋਸ਼ ਲਾਇਆ ਕਿ ਉਹਨਾਂ ਦਾ ਬੁਲਾਰਾ ਨਿੱਤ ਦਿਨ ਪ੍ਰੈੱਸ ਵਿੱਚ ਆਣ ਕੇ ਸਿਰਫ ਸਵਾਦ ਲੈਣ ਲਈ ਇਲਜ਼ਾਮ ਦਰਾਜੀ ਕਰ ਰਿਹਾ ਹੈ। ਜਦਕਿ ਸਾਡੀ ਪਾਰਟੀ ਦੇ ਆਗੂ ਮੁੱਖ ਮੰਤਰੀ, ਗਵਰਨਰ ਅਤੇ ਡੀ ਜੀ ਪੀ ਨੂੰ ਮਿਲ ਕੇ ਸਿੱਟ ਰਾਹੀਂ ਨਿਰਪੱਖ ਜਾਂਚ ਬਾਰੇ ਕਹਿ ਚੁੱਕੇ ਹਨ ਜਿਸ ਦਾ ਅਜੇ ਤੱਕ ਕੋਈ ਨਤੀਜਾ ਨਹੀਂ ਨਿਕਲਿਆ। ਇਸ ਜਥੇ ਨਾਲ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਵਾਲੇ ਉਪਰੋਕਤ ਆਗੂਆਂ ਤੋਂ ਇਲਾਵਾ ਸ ਪ੍ਰੀਤਮ ਸਿੰਘ ਸਲੋਮਾਜਰਾ, ਸ ਅਮਰਜੀਤ ਸਿੰਘ ਢਿੱਲੋਂ, ਸ ਤੇਜਪਾਲ ਸਿੰਘ ਸਿੱਧੂ, ਜਥੇਦਾਰ ਨਿਰਭੈ ਸਿੰਘ ਚਮਕੌਰ ਸਾਹਿਬ, ਬਾਬਾ ਹਰਦੀਪ ਸਿੰਘ ਰੋਪੜ, ਸ ਸੁਖਵਿੰਦਰ ਸਿੰਘ ਮੁੰਡੀਆ, ਸ ਜਗਵਿੰਦਰ ਸਿੰਘ ਜੱਗੀ ਪ੍ਰਧਾਨ ਯੂਥ ਵਿੰਗ ਰੋਪੜ, ਸ ਹਰਜਿੰਦਰ ਸਿੰਘ ਰੰਗੀਆਂ, ਪ੍ਰਿੰਸੀਪਲ ਮੋਹਣ ਸਿੰਘ, ਸ ਰਜਿੰਦਰ ਸਿੰਘ ਦੁੱਗਰੀ, ਪ੍ਰਿੰਸੀਪਲ ਜਗਦੀਪ ਸਿੰਘ ਮਾਵੀ, ਸ ਭਾਗ ਸਿੰਘ SC ਵਿੰਗ ਮੋਹਾਲੀ, ਸ ਕੁਲਵੰਤ ਸਿੰਘ ਭੁਰੜੇ, ਸ ਸ਼ੇਰ ਸਿੰਘ ਸੰਧੂ ਮੋਰਿੰਡਾ, ਸ ਗੁਰਦਰਸ਼ਨ ਸਿੰਘ ਅਰਨੋਲੀ, ਸ ਮਲਕੀਤ ਸਿੰਘ ਛੱਜਾ, ਸ ਹਰਜਿੰਦਰ ਸਿੰਘ ਕੁਲਗਰਾਂ, ਮਾਸਟਰ ਜਗਮੋਹਣ ਸਿੰਘ ਨੁਰਪੁਰ ਬੇਦੀ, ਸ ਗੁਰਬਖਸ ਸਿੰਘ ਭੁੱਲਰ, ਸ ਪਰਵਿੰਦਰਪਾਲ ਸਿੰਘ ਢੋਲਣਮਾਜਰਾ, ਸ ਗੁਰਚਰਨ ਸਿੰਘ ਮੁੰਡੀਆ, ਸ ਗੁਰਦੇਵ ਸਿੰਘ ਸਰਪੰਚ ਦੁੱਮਣਾ, ਸ ਸੁਰਿੰਦਰ ਸਿੰਘ ਮੋਰਿੰਡਾ, ਸ ਹਰਜਿੰਦਰ ਸਿੰਘ ਦੁੱਮਣਾ, ਸ ਹਰਜਿੰਦਰ ਸਿੰਘ ਮੋਰਿੰਡਾ, ਸ ਸੇਵਾ ਸਿੰਘ ਮੁੰਡੀਆ, ਸ ਪਰਮਿੰਦਰ ਸਿੰਘ ਭਿਊਰਾ, ਠੇਕੇਦਾਰ ਜਗਤਾਰ ਸਿੰਘ ਸੁਰਤਾਪੁਰ, ਸ ਸੋਹਣ ਸਿੰਘ ਦੁੱਮਣਾ, ਸ ਭਜਨ ਸਿੰਘ ਸ਼ੇਰਗਿੱਲ, ਸ ਜਗਜੀਤ ਸਿੰਘ ਗਿੱਲ, ਸ ਹਰਨਾਮ ਸਿੰਘ ਕੀੜੀ, ਸ ਭੁਪਿੰਦਰ ਸਿੰਘ ਬਜਰੂੜ ਸਮੇਤ ਭਾਰੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ ਜੋ ਇਸ ਜਥੇ ਵਿੱਚ ਸ਼ਾਮਲ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਸੁਧਾਰ ਲਹਿਰ 2 ਤਹਿਤ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕੀਤੀ ਗਈ ਅਰਦਾਸ

## ਜੇਨੇਸਿਸ ਡੈਂਟਲ ਕਾਲਜ ਦੀ ਪਹਿਲ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਮੁਫ਼ਤ ਡੈਂਟਲ ਚੈਕਅਪ ਕੈਂਪ



ਫ਼ਿਰੋਜ਼ਪੁਰ, 07 ਅਕਤੂਬਰ (ਮਨੋਹਰ ਲਾਲ) :— ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਤੇ ਪਿੰਡ ਹਾਰਫ਼ਕੇ ਵਿਖੇ ਸੰਗਤਾਂ ਲਈ ਮੁਫ਼ਤ ਦੰਦਾਂ ਦੀ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਅਤੇ ਸ਼ਰਧਾਲੂਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ: ਸੁਵੰਸ਼ ਅਤੇ ਡਾ: ਜਤਿਨ ਗਿੱਲ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ ਨਾਲ ਦੰਦਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਸਲਾਹ ਵੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦਰੁਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਸਫ਼ਾਈ ਕਰਨੀ ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਸੰਤੁਲਿਤ ਖੁਰਾਕ ਲੈਣੀ ਅਤੇ ਸਮੇਂ—ਸਮੇਂ ਤੇ ਦੰਦਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਨਾਲ ਸੰਬੰਧਿਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕਰਨ ਅਤੇ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਅਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ—ਸਮੇਂ ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਰਵੀਪ੍ਰੀਤ ਸਿੱਧੂ ਦੀ ਅਗਵਾਈ ਹੇਠ ਅਕਾਲੀ ਦਲ ਬਾਦਲ ਨੇ ਪਿੰਡ ਜੱਜਲ 'ਚ ਦੂਜੇ ਦਿਨ ਕੀਤਾ ਡੋਰ-ਟੂ-ਡੋਰ ਪ੍ਰਚਾਰ

### ਨਸ਼ਾ, ਬੇਰੁਜ਼ਗਾਰੀ ਅਤੇ ਪੀਣ ਵਾਲੇ ਪਾਣੀ ਦੀ ਸਮੱਸਿਆ ਲੋਕਾਂ ਦੇ ਮੁੱਖ ਮੁੱਦੇ ਬਣ ਕੇ ਸਾਹਮਣੇ ਆਏ- ਰਵੀਪ੍ਰੀਤ ਸਿੰਘ ਸਿੱਧੂ



ਤਲਵੰਡੀ ਸਾਬੋ, 7 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੀ ਗਈ ਡੋਰ-ਟੂ-ਡੋਰ ਮੁਹਿੰਮ ਦੇ ਦੂਜੇ ਦਿਨ ਤਲਵੰਡੀ ਸਾਬੋ ਹਲਕੇ ਦੇ ਪਿੰਡ ਜੱਜਲ ਵਿਖੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਗਿਆ। ਇਸ ਦੌਰਾਨ ਅਕਾਲੀ ਆਗੂਆਂ ਨੇ ਲੋਕਾਂ ਨੂੰ ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਦੀਆਂ ਕਥਿਤ ਨਾਕਾਮੀਆਂ ਸਬੰਧੀ ਪੱਤਰ ਸੌਂਪੇ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੇ ਚੋਣ ਮੈਨੀਫੈਸਟੋ ਵਿੱਚ ਸ਼ਾਮਲ ਕੀਤੇ ਜਾਣ ਵਾਲੇ ਮੁੱਦਿਆਂ ਅਤੇ ਸੁਝਾਵਾਂ ਸਬੰਧੀ ਲੋਕਾਂ ਤੋਂ ਫਾਰਮ ਵੀ ਭਰਵਾਏ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦੌਰਾਨ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਜਾਣੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਗੱਲਬਾਤ ਦੌਰਾਨ ਨਸ਼ਿਆਂ ਦੀ ਸਮੱਸਿਆ ਸਭ ਤੋਂ ਗੰਭੀਰ ਮੁੱਦੇ ਵਜੋਂ ਸਾਹਮਣੇ ਆ ਰਹੀ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨਸ਼ਿਆਂ ਦੀ ਰੋਕਥਾਮ ਵਿੱਚ ਕਥਿਤ ਤੌਰ 'ਤੇ ਨਾਕਾਮ ਰਹੀ ਹੈ। ਰਵੀਪ੍ਰੀਤ ਸਿੱਧੂ ਨੇ ਕਿਹਾ ਕਿ ਪਿੰਡ ਜੱਜਲ ਦੇ ਲੋਕਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਪਿੰਡ ਲਈ ਲਗਭਗ 4 ਕਰੋੜ 50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਸੀ, ਪਰ ਅੱਜ ਤੱਕ ਪਿੰਡ ਨੂੰ ਇਸ ਗ੍ਰਾਂਟ ਵਿੱਚੋਂ ਇੱਕ ਵੀ ਰੁਪਿਆ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਇਹੀ ਫ਼ਰਕ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵਿਚਕਾਰ ਹੈ। ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਦੌਰਾਨ ਪਿੰਡਾਂ ਦੇ ਲੋਕਾਂ ਨਾਲ ਹੋਈ ਗੱਲਬਾਤ ਵਿੱਚ ਨਸ਼ਿਆਂ ਕਾਰਨ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਚਿੰਤਾ ਸਾਹਮਣੇ ਆਈ ਹੈ। ਉਨ੍ਹਾਂ ਕਿਹਾ ਕਿ ਕੁਝ ਲੋਕਾਂ ਨੇ ਉਨ੍ਹਾਂ ਨੂੰ ਭਾਵੁਕ ਹੁੰਦਿਆਂ ਕਿਹਾ ਕਿ ਉਨ੍ਹਾਂ ਦੀ ਇੱਕ ਪੀੜ੍ਹੀ ਤਾਂ ਨਸ਼ਿਆਂ ਦੀ ਲਪੇਟ ਵਿੱਚ ਆ ਕੇ ਬਰਬਾਦ ਹੋ ਚੁੱਕੀ ਹੈ, ਪਰ ਜੇਕਰ ਅਗਲੀ ਪੀੜ੍ਹੀ ਨੂੰ ਬਚਾਉਣ ਲਈ ਕੋਈ ਠੋਸ ਕਦਮ ਚੁੱਕਿਆ ਜਾਵੇ ਤਾਂ ਇਹ ਵੱਡੀ ਸੇਵਾ ਹੋਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਤੋਂ ਬਾਅਦ ਬੇਰੁਜ਼ਗਾਰੀ ਵੀ ਲੋਕਾਂ ਦਾ ਵੱਡਾ ਮੁੱਦਾ ਬਣ ਕੇ ਸਾਹਮਣੇ ਆ ਰਹੀ ਹੈ। ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਲੋੜ ਹੈ। ਇਸੇ ਤਰ੍ਹਾਂ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਵੀ ਪਿੰਡਾਂ ਵਿੱਚ ਗੰਭੀਰ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦ ਹੋਇਆਂ ਦਹਾਕੇ ਬੀਤ ਜਾਣ ਦੇ ਬਾਵਜੂਦ ਕਈ ਪਿੰਡਾਂ ਦੇ ਲੋਕਾਂ ਨੂੰ ਅੱਜ ਵੀ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਨਹੀਂ ਹੋ ਰਿਹਾ। ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਪਿਛਲੀ ਅਕਾਲੀ-ਭਾਜਪਾ ਸਰਕਾਰ ਦੇ ਸਮੇਂ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਿੰਡ-ਪਿੰਡ ਆਰ.ਓ. ਪਲਾਂਟ ਲਗਾਉਣ ਅਤੇ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਕੰਮ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਸਮੇਂ ਵਾਟਰ ਵਰਕਸ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵੱਲ ਧਿਆਨ ਦਿੱਤਾ ਜਾਂਦਾ ਸੀ, ਪਰ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਹਾਲਾਤ ਕਥਿਤ ਤੌਰ 'ਤੇ ਬਦਤਰ ਹੋਏ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਇਹ ਡੋਰ-ਟੂ-ਡੋਰ ਮੁਹਿੰਮ ਲੋਕਾਂ ਤੱਕ ਪਹੁੰਚ ਕਰਕੇ ਸਰਕਾਰ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਨ ਦੇ ਨਾਲ-ਨਾਲ ਲੋਕਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਪਾਰਟੀ ਦੇ ਚੋਣ ਮੈਨੀਫੈਸਟੋ ਵਿੱਚ ਸ਼ਾਮਲ ਕਰਨ ਲਈ ਚਲਾਈ ਜਾ ਰਹੀ ਹੈ। ਇਸ ਮੌਕੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੈਲਦਾਰ, ਹਰਤਾਬਲ ਸੁੱਖੀ, ਐਡਵੋਕੇਟ ਸਤਿੰਦਰ ਪਾਲ ਸਿੱਧੂ, ਦਵਿੰਦਰ ਸਿੰਘ ਕੋਟ ਬਖਤੂ, ਚਰਨਾ ਭਾਗੀ ਬਾਂਦਰ, ਬਲਾਕ ਪ੍ਰਧਾਨ ਨਿਰਮਲ ਸਿੰਘ, ਭਿੰਦਾ ਜੱਜਲ, ਬੂਟਾ ਬਲਾਕ ਸੰਮਤੀ ਮੈਂਬਰ ਜਗਾ, ਗੁਰਪ੍ਰੀਤ ਆਦੀ ਜਗਾ, ਗੁਰਪ੍ਰੀਤ ਚੋਟੀਆ, ਸੋਹਣ ਟੈਂਟ ਹਾਊਸ ਜਗਾ, ਸੁਖਮੰਦਰ ਸੁੰਦਰੀ, ਨੀਲਾ ਸਿੰਘ, ਪਾਲਾ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਸੇਵਕ ਜਥੇ ਵੱਲੋਂ

# ਲੁਧਿਆਣਾ ਜ਼ਿਲ੍ਹੇ ਦਾ ਵਿਸਥਾਰ—ਭਾਈ ਜੋਧਾ ਸਿੰਘ ਨੂੰ ਥਾਪਿਆ ਜ਼ਿਲ੍ਹਾ ਪ੍ਰਧਾਨ



**ਫ਼ਿਰੋਜ਼ਪੁਰ, 07 ਅਕਤੂਬਰ (ਮਨੋਹਰ ਲਾਲ)** :— ਮਹਾਂਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ (ਮੁੱਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਦੇ ਦਿਸ਼ਾ ਨਿਰਦੇਸ਼ਾਂ ਤੇ ਆਗਿਆ ਨਾਲ ਗੁਰਦੁਆਰਾ ਨਾਨਕਸਰ ਵਿਖੇ ਵਿਸ਼ੇਸ਼ ਧਾਰਮਿਕ ਤੇ ਸੰਗਠਨਾਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਦਮਦਮੀ ਟਕਸਾਲ ਚੌਂਕ ਮਹਿਤਾ ਤੋਂ ਪਹੁੰਚੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਨੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕਰਦਿਆਂ ਨਵੀਂਆਂ ਨਿਯੁਕਤੀਆਂ ਦਾ ਰਸਮੀ ਐਲਾਨ ਕੀਤਾ। ਇਸ ਸੰਗਠਨਾਤਮਕ ਵਿਸਥਾਰ ਤਹਿਤ ਲੁਧਿਆਣਾ ਜ਼ਿਲ੍ਹੇ ਦੀ ਜਥੇਬੰਦਕ ਮਜ਼ਬੂਤੀ ਲਈ ਭਾਈ ਜੋਧਾ ਸਿੰਘ ਨੂੰ ਜ਼ਿਲ੍ਹਾ ਲੁਧਿਆਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਭਾਈ ਜੋਧਾ ਸਿੰਘ ਨੇ ਮਹਾਂਪੁਰਖਾਂ ਤੇ ਜਥੇਬੰਦੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸਿੱਖੀ ਦੇ ਪ੍ਰਚਾਰ ਪ੍ਰਸਾਰ ਅਤੇ ਸੰਗਠਨ ਦੀਆਂ ਸੇਵਾਵਾਂ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।

### ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ

# ਪਿੰਡ ਬੁੱਕਣ ਖਾਂ ਵਿਖੇ ਕਰਵਾਇਆ ਧਾਰਮਿਕ ਸਮਾਗਮ





**ਫ਼ਿਰੋਜ਼ਪੁਰ, 07 ਅਕਤੂਬਰ (ਮਨੋਹਰ ਲਾਲ)** :— ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਾਲਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਅਤੇ ਸਾਕਾ ਪੰਜਾ ਸਾਹਿਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਇਕ 2026 ਪ੍ਰੈਕਟਿਸ 16 ਕੱਤਕ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਨ ਖਾਂ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁਖਦੇਵ ਸਿੰਘ ਬੁਕਨ ਖਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸਿੱਖ ਕੌਮ ਦੇ ਇਹ ਮਹਾਨ ਸਿੰਘ ਸਾਹਿਬ ਗਿਆਨੀ ਪਰਮਿੰਦਰ ਸਿੰਘ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਗਿਆਨੀ ਬਲਬੀਰ ਸਿੰਘ ਦਮਦਮੀ ਟਕਸਾਲ ਯੂਕੇ ਵਾਲੇ, ਰਾਗੀ ਭਾਈ ਸਰਬਜੀਤ ਸਿੰਘ ਯੂ.ਐਸ.ਏ, ਰਾਗੀ ਭਾਈ ਸਹਿਜਪਾਲ ਸਿੰਘ ਗੁਰਮਤੀ ਵਿਦਿਆਲਾ ਦਮਦਮੀ ਟਕਸਾਲ ਰੱਤਾ ਖੇੜਾ ਸੰਗਰੂਰ ਰਬਾਬ ਰਾਹੀਂ ਕੀਰਤਨ ਦੀ ਹਾਜਰੀ ਭਰਨਗੇ। ਇਸ ਤੋਂ ਇਲਾਵਾ ਢਾਡੀ ਜਥਾ ਸੁਖ ਨਿੰਦਰ ਸਿੰਘ ਅਲਫ ਸਭਰਾਵਾਂ ਵਾਲੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ, ਜਥੇਦਾਰ ਬਾਬਾ ਸੁਖਦੇਵ ਸਿੰਘ ਅਤੇ ਗਿਆਨੀ ਬਲਰਾਜ ਸਿੰਘ ਨੇ ਅੱਗੇ ਕਿਹਾ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਹਾਜ਼ਰੀ ਭਰਨਗੇ ਜਿਨ੍ਹਾਂ ਵਿੱਚ ਬਾਬਾ ਬਲਦੇਵ ਸਿੰਘ ਜੋਗੇਵਾਲਾ ਬਾਬਾ ਛਿੰਦਰ ਸਿੰਘ ਸਭਰਾਵਾਂ ਵਾਲੇ ਬਾਬਾ ਹਰਭਜਨ ਸਿੰਘ ਕਾਰ ਸੇਵਾ ਜਨ ਸਭਾ ਵਾਲੇ ਬਾਬਾ ਸਤਨਾਮ ਸਿੰਘ ਹਜੂਰ ਸਾਹਿਬ ਵਾਲੇ, ਚੋਤਾਂ ਵਾਲੇ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ ਬਾਬਾ ਦਰਸ਼ਨ ਸਿੰਘ ਬੋਰੀ ਵਾਲੇ ਬਾਬਾ ਜੋਰਾ ਸਿੰਘ ਤਲਵੰਡੀ ਭਾਈ ਬਾਬਾ ਸੁੱਚਾ ਸਿੰਘ ਕਾਰ ਸੇਵਾ ਬਾਬਾ ਸੁਖਜੀਤ ਸਿੰਘ ਫਿਰੋਜਪੁਰ ਵਾਲੇ ਬਾਬਾ ਗੁਰਮੇਲ ਸਿੰਘ ਕਾਰ ਸੇਵਾ ਬਜੀਤਪੁਰ ਵਾਲੇ ਬਾਬਾ ਸਤਨਾਮ ਸਿੰਘ ਵਲੀਆਂ ਵਾਲੇ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਗੁਰਦਿਆਲ ਸਿੰਘ ਲੰਗਿਆਣਾ, ਬਾਬਾ ਪ੍ਰਤਾਪ ਸਿੰਘ ਬੰਡਾਲਾ, ਬਾਬਾ ਪੂਰਨ ਸਿੰਘ ਝੋਕ ਹਰਿਆਣ, ਬਾਬਾ ਅਜੀਤ ਪਾਲ ਸਿੰਘ ਪਾਲੀ ਨਾਨਕਸਰ ਠਾਠ ਗੋਬਿੰਦ ਰੰਗਰੀ ਵਾਲੇ, ਭਾਈ ਅਮਰਜੀਤ ਸਿੰਘ ਕਣਕਵਾਲ, ਭਾਈ ਰਸ਼ਪਾਲ ਸਿੰਘ ਚੋਕਮੋੜੇ, ਗਿਆਨੀ ਗੁਰਸਰਨ ਸਿੰਘ ਭੁੱਲਰ, ਭਾਈ ਪਿੱਪਲ ਸਿੰਘ ਦਮਦਮਾ ਸਾਹਿਬ, ਭਾਈ ਬਲਕਾਰ ਸਿੰਘ ਇਲਮੇਵਾਲੇ, ਭਾਈ ਅਵਤਾਰ ਸਿੰਘ ਘੋਲੀਆ, ਭਾਈ ਗੁਰਨੇਕ ਸਿੰਘ ਸੰਗਰਾਹੂਰ, ਗਿਆਨੀ ਬਲਵਿੰਦਰ ਸਿੰਘ ਵਜੀਦਪੁਰ ਸਾਹਿਬ, ਭਾਈ ਨਿਰਮਲ ਸਿੰਘ ਰੱਤਾ ਖੇੜਾ, ਭਾਈ ਦਵਿੰਦਰ ਸਿੰਘ ਗੁਲਾਮੀ ਵਾਲਾ, ਭਾਈ ਚਮਕੋਰ ਸਿੰਘ ਜਨਮ ਸਥਾਨ ਬਾਬਾ ਦੀਪ ਸਿੰਘ ਜੀ ਪੋਬਿੰਦ, ਭਾਈ ਜਸਮੇਲ ਸਿੰਘ ਹਕੂਮਤ ਸਿੰਘ ਵਾਲਾ, ਭਾਈ ਜੱਸਾ ਸਿੰਘ ਜਗਾ ਰਾਮ ਤੀਰਥ ਰਾਗੀ ਬੋੜ ਸਿੰਘ ਮਹਿਮਾ ਰਾਗੀ, ਗੁਰਸੇਵਕ ਸਿੰਘ ਸਾਧਕ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਮਹਾਂਪੁਰਸ਼ ਪਹੁੰਚ ਕੇ ਗੁਰੂ ਘਰ ਵਿੱਚ ਹਾਜਰੀ ਲਾਉਣਗੇ। ਇਸ ਮੌਕੇ ਤੇ ਵਿਸ਼ੇਸ਼ ਫੋਹੋ ਗਏ ਜਥੇਦਾਰ ਗੁਰਦੀਪ ਸਿੰਘ ਬੁਕਰਖਾਂ ਵਾਲਾ ਵਾਲੇ ਤਨੋ ਮਨੋ ਧਨੋ ਕਰਨਗੇ। ਇਸ ਮੌਕੇ ਤੇ ਜਥੇਦਾਰ ਬਾਬਾ ਸੁਖਦੇਵ ਸੁਖਦੇਵ ਸਿੰਘ, ਗਿਆਨੀ ਬਲਰਾਜ ਸਿੰਘ ਅਤੇ ਜਥੇਦਾਰ ਗੁਰਦੀਪ ਸਿੰਘ ਬੁਕਰਖਾਹ ਵਾਲਿਆਂ ਨੇ ਸਮੂਹ ਇਲਾਕਾ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇੱਕ ਨਵੰਬਰ ਦਿਨ ਐਤਵਾਰ ਨੂੰ ਗੁਰੂ ਘਰ ਵਿੱਚ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ।

### 'ਮੇਰਾ ਘਰ ਮੇਰਾ ਮਾਣ' ਯੋਜਨਾ ਤਹਿਤ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ ਮਾਲਕਾਂ ਨੂੰ ਮਾਲਕੀ ਕਾਰਡ ਵੰਡੇ



**ਜੰਡਿਆਲਾ ਗੁਰੂ, 7 ਅਕਤੂਬਰ (ਕੁਲਵੰਤ ਸਿੰਘ ਵਿਰਦੀ)**-'ਮੇਰਾ ਘਰ ਮੇਰਾ ਮਾਣ' ਯੋਜਨਾ ਤਹਿਤ ਅੱਜ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਾਣਾ ਕਾਲਾ ਵਿਖੇ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਦੇ ਮਾਲਕਾਂ ਨੂੰ ਮਾਲਕੀ ਕਾਰਡ ਵੰਡੇ ਗਏ। ਇਸ ਮੌਕੇ 247 ਜਾਇਦਾਦ ਮਾਲਕਾਂ ਨੂੰ ਮਾਲਕੀ ਕਾਰਡ ਪ੍ਰਦਾਨ ਕੀਤੇ ਗਏ। ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਪਹਿਲਕਦਮੀ ਤੇ ਪੰਜਾਬ ਭਰ ਵਿੱਚ ਅੱਜ 149 ਪਿੰਡਾਂ ਦੇ ਵਸਨੀਕਾਂ ਨੂੰ ਕਰੀਬ 16,000 ਮਾਲਕੀ ਕਾਰਡ ਸੌਂਪੇ ਗਏ ਹਨ। ਉਨ੍ਹਾਂ ਕਿਹਾ ਕਿ ਲਾਲ ਡੋਰੇ ਅਧੀਨ ਆਉਂਦੀਆਂ ਜਾਇਦਾਦਾਂ ਸਬੰਧੀ ਪਹਿਲਾਂ ਮਾਲਕੀ ਦੇ ਦਸਤਾਵੇਜ਼ ਉਪਲਬਧ ਨਾ ਹੋਣ ਕਾਰਨ ਲੋਕਾਂ ਨੂੰ ਕਈ ਵਾਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਮਾਲਕੀ ਕਾਰਡ ਇਸ ਸਬੰਧੀ ਦਸਤਾਵੇਜ਼ੀ ਸਬੂਤ ਉਪਲਬਧ ਕਰਵਾਉਣ ਵਿੱਚ ਸਹਾਇਕ ਹੋਣਗੇ ਉਨ੍ਹਾਂ ਦੱਸਿਆ ਕਿ ਮਾਲਕੀ ਪ੍ਰਮਾਣ ਪੱਤਰ ਵਿੱਚ ਜਾਇਦਾਦ ਦੇ ਮਾਲਕੀ ਹੱਕਾਂ ਦੀ ਸਪੱਸ਼ਟ ਪਛਾਣ ਲਈ ਲੋੜੀਂਦੇ ਵੇਰਵੇ ਦਰਜ ਕੀਤੇ ਗਏ ਹਨ। ਇਨ੍ਹਾਂ ਵਿੱਚ ਦੇਸ਼ਾਂਤਰ ਅਤੇ ਵਿਥਕਾਰ, ਛਤਿਆ ਹੋਇਆ ਖੇਤਰਫਲ, ਉਸਾਰੀ ਹੋਇਆ ਖੇਤਰਫਲ, ਖੁੱਲ੍ਹਾ ਖੇਤਰਫਲ ਅਤੇ ਸਰਵੇਖਣ ਇਕਾਈ ਦਾ ਨਕਸ਼ਾ ਆਦਿ ਸ਼ਾਮਲ ਹਨ। ਇਸ ਨਾਲ ਜਾਇਦਾਦ ਦੀ ਸਥਿਤੀ ਅਤੇ ਮਾਲਕੀ ਸਬੰਧੀ ਰਿਕਾਰਡ ਨੂੰ ਸਪੱਸ਼ਟ ਅਤੇ ਵਿਵਸਥਿਤ ਢੰਗ ਨਾਲ ਦਰਜ ਕਰਨ ਵਿੱਚ ਮਦਦ ਮਿਲੇਗੀ। ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪਹਿਲਾਂ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਪੱਸ਼ਟਤਾ ਨਾ ਹੋਣ ਕਾਰਨ ਕਈ ਪਰਿਵਾਰਾਂ ਵਿੱਚ ਮਾਲਕੀ ਹੱਕਾਂ ਨੂੰ ਲੈ ਕੇ ਵਿਵਾਦ ਵੀ ਪੈਦਾ ਹੁੰਦੇ ਸਨ। ਮਾਲਕੀ ਕਾਰਡ ਜਾਇਦਾਦ ਦੇ ਹੱਕਾਂ ਸਬੰਧੀ ਸਪੱਸ਼ਟ ਦਸਤਾਵੇਜ਼ੀ ਰਿਕਾਰਡ ਮੁਹੱਈਆ ਕਰਵਾ ਕੇ ਅਜਿਹੀਆਂ ਮੁਸ਼ਕਲਾਂ ਨੂੰ ਘਟਾਉਣ ਵਿੱਚ ਸਹਾਇਕ ਹੋਣਗੇ। ਮਾਲਕੀ ਕਾਰਡ ਪ੍ਰਾਪਤ ਕਰਨ ਵਾਲੇ ਪਿੰਡ ਵਾਸੀਆਂ ਨੇ ਜਾਇਦਾਦ ਦੀ ਮਾਲਕੀ ਸਬੰਧੀ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣ ਲਈ ਪ੍ਰਸ਼ਾਸਨ ਅਤੇ ਸਰਕਾਰ ਦਾ ਧੰਨਵਾਦ ਕੀਤਾ।

## ਸਰਦਾਰ ਸਰਵਣ ਸਿੰਘ ਧੁੰਨ, ਵਿਧਾਇਕ ਖੇਮਕਰਨ ਵੱਲੋਂ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਫਾਈਨਲ ਮੁਕਾਬਲਿਆਂ ਦੀ ਸਮਾਪਤੀ




**ਚੌਂਕ ਮਹਿਤਾ,7 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਫਾਈਨਲ ਮੁਕਾਬਲੇ 7 ਅਕਤੂਬਰ 2026, ਦਿਨ ਬੁੱਧਵਾਰ ਨੂੰ ਕਰਵਾਏ ਗਏ। ਵੱਖ-ਵੱਖ ਉਮਰ ਵਰਗਾਂ ਦੇ ਫਾਈਨਲ ਮੁਕਾਬਲੇ ਬੇਹੱਦ ਫਸਵੇਂ ਅਤੇ ਰੋਮਾਂਚਕ ਰਹੇ। ਫਾਈਨਲ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੂੰ ਸਨਮਾਨਿਤ ਕਰਨ ਅਤੇ ਉਨ੍ਹਾਂ ਦਾ ਹੌਸਲਾ ਵਧਾਉਣ ਲਈ ਸਰਦਾਰ ਸਰਵਣ ਸਿੰਘ ਧੁੰਨ, ਵਿਧਾਇਕ ਖੇਮਕਰਨ, ਵਿਸ਼ੇਸ਼ ਤੌਰ 'ਤੇ ਖਾਲਸਾ ਅਕੈਡਮੀ ਵਿਖੇ ਪਹੁੰਚੇ। ਇਸ ਮੌਕੇ ਖਾਲਸਾ ਅਕੈਡਮੀ ਦੇ ਹੋਣਹਾਰ ਸਾਬਕਾ ਵਿਦਿਆਰਥੀ ਅਤੇ ਅੰਤਰਰਾਸ਼ਟਰੀ ਹਾਕੀ ਖਿਡਾਰੀ ਸਰਦਾਰ ਜਰਮਨਜੀਤ ਸਿੰਘ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ, ਗਿਆਨੀ ਸਾਹਿਬ ਸਿੰਘ ਜੀ, ਸਰਦਾਰ ਹਰਜਿੰਦਰ ਸਿੰਘ ਸਾਬਕਾ ਚੇਅਰਮੈਨ ਵਪਾਰ ਮੰਡਲ ਅੰਮ੍ਰਿਤਸਰ, ਡਾ. ਕਵੀਦਾਸਨ ਅਤੇ ਸਰਦਾਰ ਲਖਵਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਚੌਂਕ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮਹਿਮਾਨਾਂ ਨੇ ਚੈਂਪੀਅਨਸ਼ਿਪ ਵਿੱਚ ਭਾਗ ਲੈ ਰਹੀਆਂ ਟੀਮਾਂ ਦੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ, ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਫਾਈਨਲ ਮੁਕਾਬਲਿਆਂ ਵਿੱਚ ਅੰਡਰ-17 ਵਰਗ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦਾ ਮੁਕਾਬਲਾ ਕੋਡਾਗੂ ਵਿਦਿਆਲਯ, ਕਰਨਾਟਕ ਦੀ ਟੀਮ ਨਾਲ ਹੋਇਆ, ਜਿਸ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕਰਕੇ ਚੈਂਪੀਅਨਸ਼ਿਪ ਆਪਣੇ ਨਾਮ ਕੀਤੀ। ਅੰਡਰ-14 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਆਰੀਆ ਗਰਲਜ਼ ਸਕੂਲ, ਪਾਣੀਪਤ, ਹਰਿਆਣਾ ਦੀ ਟੀਮ ਦਾ ਮੁਕਾਬਲਾ ਮੇਜ਼ਬਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਦੀ ਟੀਮ ਨਾਲ ਹੋਇਆ। ਇਸ ਫਸਵੇਂ ਮੁਕਾਬਲੇ ਵਿੱਚ ਆਰੀਆ ਗਰਲਜ਼ ਸਕੂਲ, ਪਾਣੀਪਤ ਦੀ ਟੀਮ ਨੇ ਜਿੱਤ ਹਾਸਲ ਕੀਤੀ। ਇਸੇ ਤਰ੍ਹਾਂ ਅੰਡਰ-19 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਲਿਟਲ ਏਂਜਲ ਸਕੂਲ, ਸੋਨੀਪਤ ਦਾ ਮੁਕਾਬਲਾ ਸ਼੍ਰੀ ਰਾਮ ਵਿਦਿਆ ਮੰਦਰ, ਹਰਿਦੁਆਰ ਨਾਲ ਹੋਇਆ। ਇਸ ਮੁਕਾਬਲੇ ਵਿੱਚ ਵੀ ਲਿਟਲ ਏਂਜਲ ਸਕੂਲ, ਸੋਨੀਪਤ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਸ. ਹਰਸ਼ਦੀਪ ਸਿੰਘ ਰੰਧਾਵਾ, ਹਾਕੀ ਕੋਚ ਸ. ਬਲਜਿੰਦਰ ਸਿੰਘ, ਸ. ਮਨਮੀਤ ਸਿੰਘ, ਸ. ਦਮਨਪ੍ਰੀਤ ਸਿੰਘ, ਹਾਕੀ ਅਬਜ਼ਰਵਰ, ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚ ਅਤੇ ਅਧਿਆਪਕ ਸਾਹਿਬਾਨ ਹਾਜ਼ਰ ਸਨ। ਇਸ ਮੌਕੇ ਜੇਤੂ ਅਤੇ ਭਾਗ ਲੈਣ ਵਾਲੀਆਂ ਟੀਮਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਦੀ ਦਾਣਾ ਮੰਡੀ ਵਿੱਚ ਝੋਨੇ ਦੀ ਖ਼ਰੀਦ ਦੀ ਸ਼ੁਰੂਆਤ, ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਅਤੇ ਸਾਫ਼ ਝੋਨਾ ਲਿਆਉਣ ਦੀ ਅਪੀਲ



**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾਗਾਗਾ ਦੀ ਦਾਣਾ ਮੰਡੀ ਵਿਖੇ ਪਹੁੰਚ ਕੇ ਝੋਨੇ ਦੀ ਖ਼ਰੀਦ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ, ਆੜ੍ਹਤੀਆਂ ਅਤੇ ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਦਿਆਂ ਖ਼ਰੀਦ ਸੀਜ਼ਨ ਦੌਰਾਨ ਲੋੜੀਂਦੀਆਂ ਸਹੂਲਤਾਂ ਅਤੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸ੍ਰੀ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਮਿਹਨਤ ਨਾਲ ਪੈਦਾ ਕੀਤੀ ਫ਼ਸਲ ਦੀ ਸੁਚਾਰੂ ਖ਼ਰੀਦ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਾ ਆਉਣ ਦੇਣਾ ਅਤੇ ਉਨ੍ਹਾਂ ਦੀ ਫ਼ਸਲ ਦੀ ਸਮੇਂ ਸਿਰ ਖ਼ਰੀਦ, ਚੁਕਾਈ ਅਤੇ ਅਦਾਇਗੀ ਯਕੀਨੀ ਬਣਾਉਣਾ ਸਰਕਾਰ ਦੀ ਤਰਜੀਹ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਖ਼ਰੀਦ ਏਜੰਸੀਆਂ, ਮੰਡੀ ਪ੍ਰਬੰਧਕਾਂ, ਆੜ੍ਹਤੀਆਂ ਅਤੇ ਟਰਾਂਸਪੋਰਟਰਾਂ ਵਿਚਕਾਰ ਤਾਲਮੇਲ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਖ਼ਰੀਦੇ ਗਏ ਝੋਨੇ ਦੀ ਚੁਕਾਈ ਨਾਲੋ-ਨਾਲ ਹੋਣੀ ਚਾਹੀਦੀ ਹੈ ਤਾਂ ਜੋ ਮੰਡੀਆਂ ਵਿੱਚ ਫ਼ਸਲ ਦੇ ਢੇਰ ਨਾ ਲੱਗਣ ਅਤੇ ਫ਼ਸਲ ਲੈ ਕੇ ਆਉਣ ਵਾਲੇ ਹੋਰਨਾਂ ਕਿਸਾਨਾਂ ਨੂੰ ਥਾਂ ਦੀ ਕੋਈ ਦਿੱਕਤ ਨਾ ਆਵੇ। ਸ੍ਰੀ ਗੋਇਲ ਨੇ ਮੰਡੀ ਵਿੱਚ ਸਫ਼ਾਈ, ਪੀਣ ਵਾਲੇ ਪਾਣੀ, ਰੌਸ਼ਨੀ ਅਤੇ ਹੋਰ ਬੁਨਿਆਦੀ ਸਹੂਲਤਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖ਼ਰੀਦ ਨਾਲ ਸਬੰਧਤ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਕਰਨ ਲਈ ਸਬੰਧਤ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ। ਕਿਸਾਨਾਂ ਨੂੰ ਅਪੀਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਮਾਪਦੰਡਾਂ ਅਨੁਸਾਰ ਸੁੱਕਾ ਅਤੇ ਸਾਫ਼ ਝੋਨਾ ਹੀ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਵੱਧ ਨਮੀ ਵਾਲੀ ਫ਼ਸਲ ਲਿਆਉਣ ਨਾਲ ਖ਼ਰੀਦ ਵਿੱਚ ਦੇਰੀ ਹੋ ਸਕਦੀ ਹੈ, ਜਦਕਿ ਸੁੱਕਾ ਝੋਨਾ ਲਿਆਉਣ ਨਾਲ ਖ਼ਰੀਦ ਪ੍ਰਕਿਰਿਆ ਛੇਤੀ ਮੁਕੰਮਲ ਹੁੰਦੀ ਹੈ ਅਤੇ ਕਿਸਾਨਾਂ ਦਾ ਸਮਾਂ ਵੀ ਬਚਦਾ ਹੈ। ਉਨ੍ਹਾਂ ਨੇ ਆੜ੍ਹਤੀਆਂ, ਸ਼ੈਲਰ ਮਾਲਕਾਂ ਅਤੇ ਕਿਸਾਨਾਂ ਨੂੰ ਖ਼ਰੀਦ ਸੀਜ਼ਨ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ। ਸ੍ਰੀ ਗੋਇਲ ਨੇ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਖ਼ਰੀਦ ਪ੍ਰਕਿਰਿਆ ਨਾਲ ਜੁੜੇ ਹੋਰ ਵਰਗਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਲਹਿਰਾਗਾਗਾ ਦੇ ਪ੍ਰਧਾਨ ਜੀਵਨ ਕੁਮਾਰ ਰੱਬੜ, ਮਾਰਕੀਟ ਕਮੇਟੀ ਲਹਿਰਾ ਦੇ ਚੇਅਰਮੈਨ ਸ਼ੀਸ਼ਪਾਲ ਅਨੰਦ, ਆੜ੍ਹਤੀ ਮੇਘ ਰਾਜ, ਵਿਜੇ ਕੁਮਾਰ, ਅਜੇ ਕੁਮਾਰ ਠੋਲੀ ਅਤੇ ਓਮ ਪ੍ਰਕਾਸ਼ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀ, ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦੇ ਅਤੇ ਕਿਸਾਨ ਹਾਜ਼ਰ ਸਨ।

### ਜ਼ਿਲ੍ਹੇ ਭਰ 'ਚ ਮੇਰਾ ਘਰ, ਮੇਰੇ ਨਾਮ ਸਕੀਮ ਤਹਿਤ 808 ਲਾਭਪਾਤਰੀਆਂ ਨੂੰ ਵੰਡੇ ਪ੍ਰਾਪਰਟੀ ਕਾਰਡ

# ਦਿਹਾਤੀ ਖੇਤਰ ਦੇ ਲੋਕ ਆਰਥਿਕ ਅਤੇ ਸਮਾਜਿਕ ਤੌਰ 'ਤੇ ਹੋਣਗੇ ਮਜ਼ਬੂਤ- ਪ੍ਰੋ. ਬਲਜਿੰਦਰ ਕੌਰ




**ਤਲਵੰਡੀ ਸਾਬੋ, 7 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ "ਮੇਰਾ ਘਰ, ਮੇਰੇ ਨਾਮ" ਸਕੀਮ ਤਹਿਤ ਜ਼ਿਲ੍ਹਾ ਬਠਿੰਡਾ ਦੇ 5 ਵਿਧਾਨ ਸਭਾ ਹਲਕਿਆਂ ਤਲਵੰਡੀ ਸਾਬੋ, ਰਾਮਪੁਰਾ ਫੂਲ, ਮੌੜ, ਭੁੱਚੋ ਮੰਡੀ ਅਤੇ ਬਠਿੰਡਾ ਦਿਹਾਤੀ ਦੇ ਪੇਂਡੂ ਰਿਹਾਇਸ਼ੀ ਖੇਤਰਾਂ ਵਿੱਚ ਲਾਲ ਲਕੀਰ ਅੰਦਰ ਆਉਂਦੀਆਂ

## ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣਾ ਸਰਕਾਰ ਦਾ ਵਿਸ਼ੇਸ਼ ਉਪਰਾਲਾ- ਬਲਕਾਰ ਸਿੱਧੂ




ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣ ਲਈ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਪ੍ਰਾਪਰਟੀ ਕਾਰਡ ਵੰਡ ਸਮਾਗਮ ਕਰਵਾਏ ਗਏ। ਜਿਸ ਤਹਿਤ 808 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਤਹਿਤ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਪ੍ਰੋ: ਬਲਜਿੰਦਰ ਕੌਰ ਵੱਲੋਂ ਪਿੰਡ ਸੰਗਤ ਖੁਰਦ ਵਿਖੇ ਕਰਵਾਏ ਗਏ ਸਮਾਗਮ ਦੌਰਾਨ 86 ਲਾਭਪਾਤਰੀਆਂ ਨੂੰ ਲਾਭਪਾਤਰੀਆਂ ਨੂੰ ਕਾਰਡ ਪ੍ਰਦਾਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਪੇਂਡੂ ਖੇਤਰ ਦੇ ਲੋਕਾਂ ਦੇ ਜੀਵਣ ਨੂੰ ਹੋਰ ਉੱਚਾ ਚੁੱਕਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਲਾਭਪਾਤਰੀਆਂ ਨੂੰ ਮਿਲੇ ਇਨ੍ਹਾਂ ਹੱਕਾਂ ਨਾਲ ਦਿਹਾਤੀ ਖੇਤਰ ਦੇ ਲੋਕ ਹੋਰ ਆਰਥਿਕ ਅਤੇ ਸਮਾਜਿਕ ਤੌਰ 'ਤੇ ਹੋਰ ਮਜ਼ਬੂਤ ਹੋਣਗੇ। ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਤੋਂ ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਵੱਲੋਂ ਪਿੰਡ ਬੁਰਜ ਲੱਧਾ ਸਿੰਘ ਵਾਲਾ ਵਿਖੇ ਪ੍ਰੋਗਰਾਮ ਦੌਰਾਨ ਵੰਡੇ ਗਏ 214 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡਾਂ ਦੀ ਵੰਡ ਮੌਕੇ ਸੰਬੋਧਨ ਦੌਰਾਨ ਕਿਹਾ ਕਿ ਪੇਂਡੂ ਖੇਤਰ ਦੇ ਲੋਕਾਂ ਨੂੰ ਲਾਲ ਲਕੀਰ ਅੰਦਰ ਆਉਂਦੀਆਂ ਜਾਇਦਾਦਾਂ ਦੇ ਕਾਨੂੰਨੀ ਮਾਲਕੀ ਹੱਕ ਦੇਣਾ ਪੰਜਾਬ ਸਰਕਾਰ ਦੁਆਰਾ ਦਾ ਵਿਸ਼ੇਸ਼ ਉਪਰਾਲਾ ਹੈ। ਹਲਕਾ ਭੁੱਚੋ ਮੰਡੀ ਤੋਂ ਵਿਧਾਇਕ ਮਾਸਟਰ ਜਗਸੀਰ ਸਿੰਘ ਵੱਲੋਂ ਪਿੰਡ ਚੱਕ ਫਤਿਹ ਸਿੰਘ ਵਾਲਾ 222 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਲੋਕ ਇਸ ਆਪਣੀ ਜਾਇਦਾਦ ਦੇ ਮਾਲਕੀ ਦਸਤਾਵੇਜ਼ ਦੀ ਵਰਤੋਂ ਕਰਕੇ ਬੈਂਕਾਂ ਤੋਂ ਅਸਾਨੀ ਨਾਲ ਕਰਜ਼ਾ ਲੈ ਕੇ ਆਪਣਾ ਜੀਵਣ ਸੁਧਾਰ ਸਕਣਗੇ। ਬਠਿੰਡਾ ਦਿਹਾਤੀ ਤੋਂ ਹਲਕਾ ਇੰਚਾਰਜ ਸ੍ਰੀ ਗੋਪਾਲ ਸਿੰਘ ਵੱਲੋਂ ਪਿੰਡ ਨੰਦਗੜ੍ਹ ਵਿਖੇ 237 ਲਾਭਪਾਤਰੀਆਂ ਨੂੰ ਅਤੇ ਵਿਧਾਨ ਸਭਾ ਹਲਕਾ ਮੌੜ ਵਿਖੇ ਐੱਸ.ਡੀ.ਐਮ. ਮੌੜ ਸ੍ਰੀ ਗੁਰਜਿੰਦਰ ਸਿੰਘ ਵੱਲੋਂ ਪਿੰਡ ਸੁੱਖਾ ਸਿੰਘ ਵਾਲਾ ਵਿਖੇ 49 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਵੰਡੇ ਗਏ। ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ. ਬਲਕਰਨ ਸਿੰਘ ਮਾਹਲ ਅਤੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ ਮੌਜੂਦ ਸਨ।

### ਸੇਂਟ ਸੋਲਜਰ ਏਲੀਟ ਕਾਨਵੈਂਟ ਸਕੂਲ ਵਿੱਚ

# ਅਧਿਆਪਕ ਵਿਕਾਸ ਵਰਕਸ਼ਾਪ ਦਾ ਆਯੋਜਨ






ਜੰਡਿਆਲਾ ਗੁਰੂ 7 ਅਕਤੂਬਰ ( ਕੁਲਵੰਤ ਸਿੰਘ ਵਿਰਦੀ )ਸੇਂਟ ਸੋਲਜਰ ਏਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ (ਅੰਮ੍ਰਿਤਸਰ) ਦੇ ਆਡੀਟੋਰੀਅਮ ਵਿੱਚ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਲਈ ਇੱਕ ਵਿਸ਼ੇਸ਼ ਅਧਿਆਪਕ ਵਿਕਾਸ ਵਰਕਸ਼ਾਪ ਕਰਵਾਈ ਗਈ। ਵਰਕਸ਼ਾਪ ਦਾ ਉਦੇਸ਼ ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਪ੍ਰਣਾਲੀ ਨਾਲ ਜੋੜਨਾ ਅਤੇ ਪ੍ਰਭਾਵਸ਼ਾਲੀ ਅਧਿਆਪਨ ਲਈ ਨਵੀਆਂ ਰਣਨੀਤੀਆਂ ਨਾਲ ਜਾਣੂ ਕਰਵਾਉਣਾ ਸੀ।ਇਹ ਵਰਕਸ਼ਾਪ ਰਾਸ਼ਟਰੀ ਪੁਰਸਕਾਰ ਜੇਤੂ ਸਿੱਖਿਆ ਸ਼ਾਸਤਰੀ, ਪ੍ਰੇਰਕ ਬੁਲਾਰੇ ਅਤੇ ਰਿਸੋਰਸ ਪਰਸਨ ਸ੍ਰੀ ਵਿਪਿਨ ਸ਼ਰਮਾ ਵੱਲੋਂ ਕਰਵਾਈ ਗਈ। ਉਨ੍ਹਾਂ ਨੇ ਅਧਿਆਪਕਾਂ ਨਾਲ ਆਪਣੇ ਤਜਰਬੇ ਸਾਂਝੇ ਕਰਦਿਆਂ ਅਧਿਆਪਨ-ਅਧਿਗਮ ਪ੍ਰਕਿਰਿਆ ਨੂੰ ਹੋਰ ਰੁਚਿਕਰ, ਪ੍ਰਭਾਵਸ਼ਾਲੀ ਅਤੇ ਵਿਦਿਆਰਥੀ-ਕੇਂਦਰਿਤ ਬਣਾਉਣ ਲਈ ਵਿਹਾਰਕ ਸੁਝਾਅ ਦਿੱਤੇ।ਵਰਕਸ਼ਾਪ ਦੌਰਾਨ ਮੁੱਖ ਤੌਰ 'ਤੇ ਵਿਦਿਆਰਥੀਆਂ ਵਿੱਚ 21ਵੀਂ ਸਦੀ ਦੇ ਹੁਨਰਾਂ ਦਾ ਵਿਕਾਸ ਅਤੇ ਪ੍ਰਭਾਵਸ਼ਾਲੀ ਸੰਚਾਰ ਹੁਨਰਾਂ ਦੀ ਮਹੱਤਤਾ ਤੇ ਵਿਕਾਸ ਵਰਗੇ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸੈਸ਼ਨਾਂ ਦੌਰਾਨ ਅਧਿਆਪਕਾਂ ਨੇ ਸਰਗਰਮ ਭਾਗੀਦਾਰੀ ਕੀਤੀ ਅਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਨਵੇਂ ਵਿਚਾਰਾਂ ਅਤੇ ਤਕਨੀਕਾਂ ਨੂੰ ਸਮਝਿਆ।ਵਰਕਸ਼ਾਪ ਦੇ ਸੈਸ਼ਨ ਗਿਆਨਵਰਧਕ ਅਤੇ ਪ੍ਰੇਰਨਾਦਾਇਕ ਰਹੇ, ਜਿਨ੍ਹਾਂ ਨੇ ਅਧਿਆਪਕਾਂ ਨੂੰ ਆਪਣੇ ਅਧਿਆਪਨ ਢੰਗਾਂ 'ਤੇ ਵਿਚਾਰ ਕਰਨ ਅਤੇ ਨਵੀਨਤਾਕਾਰੀ ਤਰੀਕਿਆਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਵਰਕਸ਼ਾਪ ਦੇ ਸਫਲ ਆਯੋਜਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਰਿਸੋਰਸ ਪਰਸਨ ਸ੍ਰੀ ਵਿਪਿਨ ਸ਼ਰਮਾ ਅਤੇ ਸਮੂਹ ਅਧਿਆਪਕਾਂ ਦੀ ਸਰਗਰਮ ਭਾਗੀਦਾਰੀ ਦੀ ਪ੍ਰਸ਼ੰਸਾ ਕਰਦਿਆਂ ਨਿਰੰਤਰ ਪੇਸ਼ੇਵਰ ਵਿਕਾਸ ਨੂੰ ਸਮੇਂ ਦੀ ਲੋੜ ਦੱਸਿਆ।ਸਕੂਲ ਪ੍ਰਬੰਧਕਾਂ ਵੱਲੋਂ ਸ੍ਰੀ ਵਿਪਿਨ ਸ਼ਰਮਾ ਦਾ ਉਨ੍ਹਾਂ ਦੀ ਕੀਮਤੀ ਅਗਵਾਈ, ਪ੍ਰੇਰਨਾਦਾਇਕ ਵਿਚਾਰਾਂ ਅਤੇ ਜਾਣਕਾਰੀਪੂਰਨ ਸੈਸ਼ਨਾਂ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨਿਲਾਕਸ਼ੀ ਗੁਪਤਾ ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਹਾਜ਼ਰ ਸਨ।

## ਰਿਸੋਰਸ ਪਰਸਨ ਸ੍ਰੀ ਵਿਪਿਨ ਸ਼ਰਮਾ ਅਤੇ ਸਮੂਹ ਅਧਿਆਪਕਾਂ ਦੀ ਭਾਗੀਦਾਰੀ ਨਿਰੰਤਰ ਪੇਸ਼ੇਵਰ ਵਿਕਾਸ ਨੂੰ ਸਮੇਂ ਦੀ ਲੋੜ ਡਾ: ਮੰਗਲ ਸਿੰਘ ਕਿਸ਼ਨਪੁਰੀ

# ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ 'ਮੇਰਾ ਘਰ, ਮੇਰੇ ਨਾਂ' ਸਕੀਮ ਤਹਿਤ ਪਿੰਡ ਦੀਵਾਨਗੜ੍ਹ ਉਰਫ਼ ਕਾਇਮਪੁਰ ਵਿਖੇ 194 ਪ੍ਰਾਪਰਟੀ ਕਾਰਡ ਵੰਡੇ




**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ 'ਮੇਰਾ ਘਰ, ਮੇਰੇ ਨਾਂ' ਸਕੀਮ ਤਹਿਤ ਅੱਜ ਪਿੰਡ ਦੀਵਾਨਗੜ੍ਹ ਉਰਫ਼ ਕਾਇਮਪੁਰ ਵਿਖੇ ਯੋਗ ਲਾਭਪਾਤਰੀਆਂ ਨੂੰ 194 ਪ੍ਰਾਪਰਟੀ ਕਾਰਡ ਵੰਡੇ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਲਾਲ ਡੋਰੇ ਅੰਦਰ ਰਹਿੰਦੇ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦੀ ਦਸਤਾਵੇਜ਼ੀ ਪਛਾਣ ਮੁਹੱਈਆ ਕਰਵਾਉਣ ਵੱਲ ਅਹਿਮ ਕਦਮ ਹੈ। ਇਸ ਸਕੀਮ ਤਹਿਤ ਹਲਕਾ ਦਿੜ੍ਹਬਾ ਵਿੱਚ ਕੁੱਲ 25,122 ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਜਾਣੀ ਹੈ। ਉਨ੍ਹਾਂ ਕਿਹਾ ਕਿ ਯੋਗ ਲਾਭਪਾਤਰੀਆਂ ਤੱਕ ਸੁਚਾਰੂ ਢੰਗ ਨਾਲ ਕਾਰਡ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਇਨ੍ਹਾਂ ਦੀ ਮਹੱਤਤਾ ਅਤੇ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਵਿੱਤ ਮੰਤਰੀ ਨੇ ਕਿਹਾ ਕਿ ਆਪਣਾ ਘਰ ਹਰ ਪਰਿਵਾਰ ਦੀਆਂ ਭਾਵਨਾਵਾਂ, ਜੀਵਨ ਭਰ ਦੀ ਮਿਹਨਤ ਅਤੇ ਭਵਿੱਖ ਦੀਆਂ ਉਮੀਦਾਂ ਨਾਲ ਜੁੜਿਆ ਹੁੰਦਾ ਹੈ। ਜਿਸ ਘਰ ਵਿੱਚ ਕਿਸੇ ਪਰਿਵਾਰ ਦੀਆਂ ਕਈ ਪੀੜ੍ਹੀਆਂ ਨੇ ਜੀਵਨ ਬਿਤਾਇਆ ਹੋਵੇ, ਉਸ ਘਰ ਦੀ ਮਾਲਕੀ ਦਾ ਸਪੱਸ਼ਟ ਦਸਤਾਵੇਜ਼ ਉਸ ਪਰਿਵਾਰ ਲਈ ਵਿਸ਼ੇਸ਼ ਮਹੱਤਤਾ ਰੱਖਦਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਪਰਿਵਾਰ ਨੂੰ ਆਪਣੇ ਘਰ ਦੀ ਮਾਲਕੀ ਸਬੰਧੀ ਰਸਮੀ ਰਿਕਾਰਡ ਮੁਹੱਈਆ ਕਰਵਾ ਕੇ ਭਰੋਸੇ ਅਤੇ ਸੁਰੱਖਿਆ ਦਾ ਅਹਿਸਾਸ ਦਿਵਾਉਂਦਾ ਹੈ। ਸ੍ਰੀ ਚੀਮਾ ਨੇ ਕਿਹਾ ਕਿ ਪਿੰਡਾਂ ਵਿੱਚ ਬਹੁਤ ਸਾਰੇ ਪਰਿਵਾਰ ਪੀੜ੍ਹੀਆਂ ਤੋਂ ਲਾਲ ਡੋਰੇ ਅੰਦਰ ਆਪਣੇ ਘਰਾਂ ਵਿੱਚ ਰਹਿ ਰਹੇ ਹਨ, ਪਰ ਮਾਲਕੀ ਦਾ ਰਸਮੀ ਰਿਕਾਰਡ ਨਾ ਹੋਣ ਕਾਰਨ ਉਨ੍ਹਾਂ ਨੂੰ ਵੱਖ-ਵੱਖ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। 'ਮੇਰਾ ਘਰ, ਮੇਰੇ ਨਾਂ' ਸਕੀਮ ਅਜਿਹੇ ਯੋਗ ਪਰਿਵਾਰਾਂ ਦੇ ਘਰਾਂ ਦੀ ਮਾਲਕੀ ਸਬੰਧੀ ਰਿਕਾਰਡ ਦੀ ਘਾਟ ਦੂਰ ਕਰਨ ਅਤੇ ਉਨ੍ਹਾਂ ਦੇ ਹੱਕਾਂ ਨੂੰ ਸਪੱਸ਼ਟ ਕਰਨ ਲਈ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਸਕੀਮ ਤਹਿਤ ਡਰੋਨ ਸਰਵੇ ਅਤੇ ਆਧੁਨਿਕ ਤਕਨੀਕ ਦੀ ਮਦਦ ਨਾਲ ਜਾਇਦਾਦਾਂ ਦੀ ਹੱਦਬੰਦੀ ਅਤੇ ਮੈਪਿੰਗ ਕਰਕੇ ਮਾਲਕੀ ਸਬੰਧੀ ਰਿਕਾਰਡ ਤਿਆਰ ਕੀਤਾ ਜਾਂਦਾ ਹੈ। ਘਰਾਂ ਦੀ ਸਥਿਤੀ, ਹੱਦਾਂ ਅਤੇ ਮਾਲਕੀ ਦਾ ਸਪੱਸ਼ਟ ਰਿਕਾਰਡ ਹੋਣ ਨਾਲ ਪਾਰਦਰਸ਼ਤਾ ਵਧਦੀ ਹੈ ਅਤੇ ਆਪਸੀ ਗ਼ਲਤਫ਼ਹਿਮੀਆਂ ਤੇ ਜਾਇਦਾਦ ਸਬੰਧੀ ਵਿਵਾਦਾਂ ਨੂੰ ਘਟਾਉਣ ਵਿੱਚ ਮਦਦ ਮਿਲਦੀ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪ੍ਰਾਪਰਟੀ ਕਾਰਡ ਘਰ ਦੀ ਪਛਾਣ ਅਤੇ ਮਾਲਕੀ ਸਬੰਧੀ ਜਾਣਕਾਰੀ ਦਾ ਅਹਿਮ ਦਸਤਾਵੇਜ਼ ਹੈ। ਇਹ ਪਰਿਵਾਰਾਂ ਨੂੰ ਆਪਣੇ ਘਰਾਂ ਦੀ ਸੰਭਾਲ, ਸੁਧਾਰ ਅਤੇ ਭਵਿੱਖ ਦੀ ਯੋਜਨਾਬੰਦੀ ਲਈ ਵਧੇਰੇ ਭਰੋਸਾ ਦੇਵੇਗਾ। ਰਸਮੀ ਜਾਇਦਾਦ ਰਿਕਾਰਡ ਉਪਲਬਧ ਹੋਣ ਨਾਲ ਬੈਂਕਾਂ ਕੋਲ ਕਰਜ਼ੇ ਲਈ ਅਰਜ਼ੀ ਦੇਣ ਦੀ ਪ੍ਰਕਿਰਿਆ ਵਿੱਚ ਵੀ ਸਹੂਲਤ ਹੋ ਸਕਦੀ ਹੈ, ਹਾਲਾਂਕਿ ਕਰਜ਼ੇ ਦੀ ਮਨਜ਼ੂਰੀ ਸਬੰਧਤ ਬੈਂਕ ਦੇ ਨਿਯਮਾਂ ਅਤੇ ਬਿਨੈਕਾਰ ਦੀ ਯੋਗਤਾ ਅਨੁਸਾਰ ਹੋਵੇਗੀ। ਸ੍ਰ ਚੀਮਾ ਨੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪ੍ਰਾਪਰਟੀ ਕਾਰਡ ਵਿੱਚ ਦਰਜ ਨਾਮ, ਘਰ ਦੀ ਜਾਣਕਾਰੀ ਅਤੇ ਹੋਰ ਵੇਰਵੇ ਧਿਆਨ ਨਾਲ ਜਾਂਚਣ। ਕਿਸੇ ਗ਼ਲਤੀ ਜਾਂ ਅਸਪੱਸ਼ਟਤਾ ਦੀ ਸੂਰਤ ਵਿੱਚ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾਵੇ, ਤਾਂ ਜੋ ਰਿਕਾਰਡ ਦੀ ਦਰੁਸਤੀ ਲਈ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਲੋਕਾਂ ਨੂੰ ਸਰਵੇ, ਰਿਕਾਰਡ ਦੀ ਪੜਤਾਲ ਅਤੇ ਕਾਰਡਾਂ ਦੀ ਵੰਡ ਦੌਰਾਨ ਸਬੰਧਤ ਟੀਮਾਂ ਨੂੰ ਸਹਿਯੋਗ ਦੇਣ ਦੀ ਵੀ ਅਪੀਲ ਕੀਤੀ। ਸ੍ਰ ਚੀਮਾ ਨੇ ਕਿਹਾ, "'ਮੇਰਾ ਘਰ, ਮੇਰੇ ਨਾਂ' ਸਕੀਮ ਲੋਕਾਂ ਦੇ ਆਪਣੇ ਘਰ ਨਾਲ ਜੁੜੇ ਹੱਕਾਂ, ਸਨਮਾਨ ਅਤੇ ਭਵਿੱਖ ਦੀ ਸੁਰੱਖਿਆ ਨੂੰ ਮਜ਼ਬੂਤ ਕਰਦੀ ਹੈ। ਅੱਜ ਪਿੰਡ ਦੀਵਾਨਗੜ੍ਹ ਉਰਫ਼ ਕਾਇਮਪੁਰ ਵਿੱਚ 194 ਪ੍ਰਾਪਰਟੀ ਕਾਰਡਾਂ ਦੀ ਵੰਡ ਨਾਲ ਲਾਭਪਾਤਰੀਆਂ ਨੂੰ ਆਪਣੇ ਘਰਾਂ ਦੀ ਮਾਲਕੀ ਦੀ ਦਸਤਾਵੇਜ਼ੀ ਪਛਾਣ ਮਿਲੀ ਹੈ। ਸਾਡਾ ਉਦੇਸ਼ ਹੈ ਕਿ ਹਰ ਯੋਗ ਪਰਿਵਾਰ ਤੱਕ ਇਸ ਸਕੀਮ ਦਾ ਲਾਭ ਪਹੁੰਚੇ ਅਤੇ ਉਸ ਦੇ ਘਰ ਦੀ ਮਾਲਕੀ ਸਬੰਧੀ ਰਿਕਾਰਡ ਸਪੱਸ਼ਟ ਹੋਵੇ।

# ਪੰਜਾਬੀ ਮਾਂ ਬੋਲੀ ਦੇ ਹੱਕ ਲਈ ਲੜਨ ਵਾਲਿਆਂ ਨੂੰ ਵੱਡੀ ਰਾਹਤ: ਲੱਖਾ ਸਿਧਾਣਾ, ਬਾਬਾ ਹਰਦੀਪ ਸਿੰਘ ਮਹਿਰਾਜ ਸਮੇਤ 11 ਜਣੇ ਬਰੀ



ਨਵੀਂ ਦਿੱਲੀ 7 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬੀ ਮਾਂ ਬੋਲੀ ਦੇ ਸਤਿਕਾਰ ਅਤੇ ਇਸਦੇ ਬਣਦੇ ਹੱਕ ਬਹਾਲ ਕਰਵਾਉਣ ਲਈ ਮਈ 2018 ਵਿੱਚ ਲੜੇ ਗਏ ਸੰਘਰਸ਼ ਨਾਲ ਸਬੰਧਤ ਮਾਮਲੇ ਵਿੱਚ ਬਠਿੰਡਾ ਦੀ ਮਾਨਯੋਗ ਅਦਾਲਤ ਨੇ ਲੱਖਾ ਸਿਧਾਣਾ, ਬਾਬਾ ਹਰਦੀਪ ਸਿੰਘ ਮਹਿਰਾਜ, ਰਾਜਵਿੰਦਰ ਸਿੰਘ ਰਾਏਖਾਨਾ ਸਮੇਤ 11 ਵਿਅਕਤੀਆਂ ਨੂੰ ਬਰੀ ਕਰ ਦਿੱਤਾ ਹੈ। ਮਾਨਯੋਗ ਜੱਜ ਸ੍ਰੀ ਤਰਨ ਕੁਮਾਰ ਦੀ ਅਦਾਲਤ ਵੱਲੋਂ ਅੱਜ ਸੁਣਾਏ ਗਏ ਫ਼ੈਸਲੇ ਨਾਲ ਲੰਬੇ ਸਮੇਂ ਤੋਂ ਚੱਲ ਰਹੇ ਇਸ ਮਾਮਲੇ ਦਾ ਅੰਤ ਹੋ ਗਿਆ। ਅਦਾਲਤ ਵੱਲੋਂ ਬਰੀ ਕੀਤੇ ਗਏ ਵਿਅਕਤੀਆਂ ਵਿੱਚ ਲਖਵੀਰ ਸਿੰਘ ਲੱਖਾ ਸਿਧਾਣਾ, ਬਾਬਾ ਹਰਦੀਪ ਸਿੰਘ ਮਹਿਰਾਜ, ਰਾਜਵਿੰਦਰ ਸਿੰਘ ਰਾਏਖਾਨਾ, ਰਮਨਦੀਪ ਸਿੰਘ ਗੁੰਮਟੀ ਕਲਾਂ, ਗੁਰਦੀਪ ਸਿੰਘ ਭਾਗੀਵਾਂਦਰ, ਅਮਰੀਕ ਸਿੰਘ ਭਾਗੀਵਾਂਦਰ, ਮੇਜਰ ਸਿੰਘ ਕੌਲੋਕੇ, ਸੁਖਦੀਪ ਸਿੰਘ ਨਥੇਹਾ, ਚਮਕੌਰ ਸਿੰਘ ਕੋਟ ਫੱਤਾ, ਮਨਪ੍ਰੀਤ ਸਿੰਘ ਸਿਧਾਣਾ ਅਤੇ ਰਣਜੀਤ ਸਿੰਘ ਫੂਲ ਸ਼ਾਮਲ ਹਨ। ਇਹ ਮਾਮਲਾ ਮਈ 2018 ਵਿੱਚ ਪੰਜਾਬੀ ਮਾਂ ਬੋਲੀ ਸਤਿਕਾਰ ਕਮੇਟੀ ਪੰਜਾਬ ਵੱਲੋਂ ਪੰਜਾਬੀ ਨੂੰ ਬਣਦਾ ਮਾਣ-ਸਨਮਾਨ ਦਿਵਾਉਣ ਲਈ ਵਿੱਢੇ ਸੰਘਰਸ਼ ਨਾਲ ਸਬੰਧਤ ਸੀ। ਪੰਜਾਬੀ ਮਾਂ ਬੋਲੀ ਪੰਦਰਵਾੜੇ ਦੌਰਾਨ ਕਮੇਟੀ ਵੱਲੋਂ ਪੂਰੇ ਪੰਜਾਬ ਵਿੱਚ 'ਪੋਚਾ ਮਾਰੂ ਮੁਹਿੰਮ' ਚਲਾਈ ਗਈ ਸੀ, ਜਿਸ ਤਹਿਤ ਵੱਖ-ਵੱਖ ਬੋਰਡਾਂ ਉੱਪਰ ਲਿਖੀ ਇਬਾਰਤ 'ਤੇ ਕਾਲਾ ਪੋਚਾ ਫੇਰ ਕੇ ਪੰਜਾਬੀ ਦੇ ਹੱਕ ਵਿੱਚ ਰੋਸ ਪ੍ਰਗਟਾਇਆ ਗਿਆ ਸੀ। ਇਸੇ ਸੰਘਰਸ਼ ਨੂੰ ਲੈ ਕੇ ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਸੰਘਰਸ਼ ਵਿੱਚ ਸ਼ਾਮਲ ਵਿਅਕਤੀਆਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਗਿਆ ਸੀ। ਮਾਮਲੇ ਦੀ ਅਦਾਲਤ ਵਿੱਚ ਪੈਰਵੀ ਕਰਦਿਆਂ ਬਚਾਅ ਪੱਖ ਦੇ ਵਕੀਲ ਹਰਪਾਲ ਸਿੰਘ ਖਾਰਾ ਨੇ ਦਲੀਲ ਦਿੱਤੀ ਕਿ ਪੰਜਾਬੀ ਮਾਂ ਬੋਲੀ ਦਾ ਸਤਿਕਾਰ ਬਹਾਲ ਕਰਵਾਉਣ ਅਤੇ ਆਪਣੇ ਹੱਕਾਂ ਲਈ ਆਵਾਜ਼ ਉਠਾਉਣਾ ਕੋਈ ਗੁਨਾਹ ਨਹੀਂ ਹੈ। ਉਨ੍ਹਾਂ ਕਿਹਾ ਕਿ ਸੰਘਰਸ਼ ਵਿੱਚ ਸ਼ਾਮਲ ਵਿਅਕਤੀਆਂ ਵੱਲੋਂ ਪੰਜਾਬੀ ਮਾਂ ਬੋਲੀ ਦੇ ਸਤਿਕਾਰ ਅਤੇ ਬਣਦੇ ਹੱਕਾਂ ਲਈ ਆਵਾਜ਼ ਬੁਲੰਦ ਕੀਤੀ ਗਈ ਸੀ। ਫ਼ੈਸਲੇ ਤੋਂ ਬਾਅਦ ਲੱਖਾ ਸਿਧਾਣਾ ਨੇ ਆਪਣੇ ਸਾਥੀਆਂ, ਵਕੀਲ ਹਰਪਾਲ ਸਿੰਘ ਖਾਰਾ ਅਤੇ ਸੰਘਰਸ਼ ਵਿੱਚ ਸਹਿਯੋਗ ਦੇਣ ਵਾਲੇ ਸਮੂਹ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਰਾਜਵਿੰਦਰ ਸਿੰਘ ਰਾਏਖਾਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰੀਰਕ ਤੌਰ 'ਤੇ 75 ਫ਼ੀਸਦੀ ਅੰਗਹੀਣ ਹੋਣ ਦੇ ਬਾਵਜੂਦ ਰਾਏਖਾਨਾ ਨੇ ਸੰਘਰਸ਼ ਤੋਂ ਪਿੱਛੇ ਹਟਣ ਦੀ ਬਜਾਏ ਸਾਥੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕੀਤਾ ਅਤੇ ਜੇਲ੍ਹ ਵੀ ਕੱਟੀ। ਲੱਖਾ ਸਿਧਾਣਾ ਨੇ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਪੰਜਾਬ ਦੀ ਪਹਿਚਾਣ, ਵਿਰਾਸਤ ਅਤੇ ਸੱਭਿਆਚਾਰ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਮਾਂ ਬੋਲੀ ਦੇ ਸਤਿਕਾਰ ਅਤੇ ਇਸਦੇ ਬਣਦੇ ਹੱਕਾਂ ਲਈ ਸੰਘਰਸ਼ ਅੱਗੇ ਵੀ ਜਾਰੀ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV




### ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵਿਸ਼ੇਸ਼ ਸੈਮੀਨਾਰ ਅਕਾਲ ਯੂਨੀਵਰਸਿਟੀ ਵਿਖੇ ਕਰਾਇਆ ਗਿਆ

# ਸ੍ਰੀ ਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਯਕੀਨੀ ਬਣਾਉਣਾ ਦੇ ਸੰਕਲਪ ਉੱਤੇ ਦਿੱਤਾ ਗਿਆ ਜ਼ੋਰ







ਤਲਵੰਡੀ ਸਾਬੋ/ਬਠਿੰਡਾ, 7 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵਲੋਂ ਗੁਰੂ ਰਵਿਦਾਸ ਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਵਿਦਿਅਕ ਅਦਾਰਿਆਂ ਵਿਚ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਅੱਜ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਗੁਰੂ ਜੀ ਦੀ ਬਾਣੀ ਅਤੇ ਸਿਖਿਆਵਾਂ ਨੂੰ ਸਮਰਪਤ ਸੈਮੀਨਾਰ ਕਰਵਾਇਆ ਗਿਆ ਜਿਥੇ ਸੰਤਾਂ-ਮਹਾਂਪੁਰਸ਼ਾਂ, ਸਿਆਸੀ ਸ਼ਖਸੀਅਤਾਂ ਅਤੇ ਇਤਿਹਾਸ ਦੇ ਮਾਹਰਾਂ ਵਲੋਂ ਗੁਰੂ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਅਮਲੀ ਜਾਮਾ ਪਹਿਨਾਉਣ ਲਈ ਸਾਂਝੇ ਯਤਨ ਕਰਨ ਦੀ ਤਾਕੀਦ ਕੀਤੀ। ਸੈਮੀਨਾਰ ਦੌਰਾਨ ਸੰਤ ਕੇਵਲ ਸਿੰਘ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ, ਸੰਤ ਸੁਰਿੰਦਰ ਦਾਸ ਚਰਨਛੋਹ ਸੱਚਖੰਡ ਬੇ.ਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ, ਚੀਫ਼ ਪਾਰਟੀ ਵਿੱਪ ਅਤੇ ਵਿਧਾਇਕ ਤਲਵੰਡੀ ਸਾਬੋ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ, ਡਾ. ਮਨਜਿੰਦਰ ਸਿੰਘ ਪੰਜਾਬੀ ਵਿਭਾਗ ਦੇ ਮੁਖੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਤੇ ਡਾ ਗੁਰਮੇਲ ਸਿੰਘ, ਵਾਈਸ ਚਾਂਸਲਰ, ਯੂਨੀਵਰਸਿਟੀ ਨੇ ਗੁਰੂ ਜੀ ਦੇ ਜੀਵਨ, ਫਲਸਫੇ, ਸਿੱਖਿਆਵਾਂ ਅਤੇ ਉਨ੍ਹਾਂ ਦੀ ਅਜੋਕੇ ਯੁੱਗ ਵਿਚ ਮਹੱਤਤਾ ਬਾਰੇ ਵਿਸਥਾਰਤ ਚਾਨਣਾ ਪਾਇਆ। ਸੰਤ ਕੇਵਲ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਉਸ ਵੇਲੇ ਸਮਾਨਤਾ ਅਤੇ ਸਿਖਿਆ ਨਾਲ ਜਾਗ ਦਾ ਹਨੇਰਾ ਦੂਰ ਕਰਨ ਦੀ ਗੱਲ ਕੀਤੀ ਜਿਨ੍ਹਾਂ ਸਮੇਂ 'ਚ ਲੋਕਾਂ ਦੀ ਸਿਖਿਆ ਪ੍ਰਤੀ ਚੇਤਨਾ ਘੱਟ ਸੀ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਦੀ ਅਹਿਮੀਅਤ ਨੂੰ ਸਮਝਦਿਆਂ ਜ਼ਿੰਦਗੀ ਵਿਚ ਤੈਅ ਮੁਕਾਮ ਹਾਸਲ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖਿਆ ਰਾਹੀਂ ਬੌਧਿਕ ਵਿਕਾਸ ਨਵੀਂਆਂ ਪੀੜ੍ਹੀਆਂ ਵਿਚ ਲੋੜੀਂਦੀ ਤਬਦੀਲੀ ਨੂੰ ਅਮਲੀ ਰੂਪ ਦਿੰਦਾ ਹੈ ਅਤੇ ਗੁਰੂ ਜੀ ਨੇ ਵੀ ਆਪਣੇ ਜੀਵਨ ਦੌਰਾਨ ਸਿੱਖਿਆ, ਕਿਰਤ ਅਤੇ ਸਮਾਜਿਕ ਬਰਾਬਰਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਕੀਤੇ ਜਾ ਰਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ ਅਤੇ ਸੈਮੀਨਾਰਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਨਾਲ ਜੁੜਨ ਅਤੇ ਇਨ੍ਹਾਂ ਤੋਂ ਪ੍ਰੇਰਨਾ ਲੈਣ ਦਾ ਮੌਕਾ ਮਿਲ ਰਿਹਾ ਹੈ। ਸੰਤ ਸੁਰਿੰਦਰ ਦਾਸ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਆਪਣਾ ਸਮੁੱਚਾ ਜੀਵਨ ਸਮਾਜਿਕ ਬਰਾਬਰਤਾ, ਜਾਤ-ਪਾਤ ਦੇ ਵਿਤਕਰੇ ਅਤੇ ਸਮਾਜਿਕ ਨਿਆਂ ਲਈ ਲਾ ਦਿੱਤਾ ਜੋ ਅੱਜ ਵੀ ਸਾਡੇ ਜੀਵਨ ਵਿਚ ਬਹੁਤ ਸਾਰਥਕ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਹਾਸਲ ਕਰਕੇ ਇਨ੍ਹਾਂ ਸਮਾਜਿਕ ਕੁਰੀਤੀਆਂ ਦਾ ਯਕੀਨਣ ਖਾਤਮਾ ਕੀਤਾ ਜਾ ਸਕਦਾ ਹੈ। ਉਨ੍ਹਾਂ ਪੰਜਾਬ ਸਰਕਾਰ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸੈਮੀਨਾਰ ਲੰਬੇ ਸਮੇਂ ਤੱਕ ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਰੱਖਣ ਵਿਚ ਅਹਿਮ ਭੂਮਿਕਾ ਨਿਭਾਉਣਗੇ। ਵਿਧਾਇਕ ਤਲਵੰਡੀ ਸਾਬੋ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਕਰਵਾਏ ਜਾ ਰਹੇ ਸੈਮੀਨਾਰਾਂ, ਡਾਕੂਮੈਂਟਰੀ ਸ਼ੋਅ, ਡਰੋਨ ਸ਼ੋਅ, ਮੈਰਾਥਨ ਅਤੇ ਹੋਰ ਉਪਰਾਲਿਆਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵਲੋਂ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਲਈ 100 ਕਰੋੜ ਰੁਪਏ ਦਾ ਬਜ਼ਟ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ 13000 ਪਿੰਡਾਂ ਵਿਚ ਡਾਕੂਮੈਂਟਰੀ ਸ਼ੋਅ ਦਿਖਾਏ ਜਾ ਰਹੇ ਹਨ ਤਾਂ ਜੋ ਜ਼ਮੀਨੀ ਪੱਧਰ ਤੱਕ ਗੁਰੂ ਜੀ ਦੀਆਂ ਸਿੱਖਿਆਵਾਂ ਦਾ ਪ੍ਰਚਾਰ-ਪ੍ਰਸਾਰ ਹੋ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪਿਛਲੇ ਦਿਨੀਂ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦਾ ਨੀਂਹ ਪੱਥਰ ਰੱਖਿਆ ਗਿਆ ਹੈ । ਸ੍ਰੀ ਗੁਰੂ ਰਵਿਦਾਸ ਜੀ ਦੇ ਤਪ ਅਸਥਾਨ ਖੁਰਾਲਗੜ੍ਹ ਵਿਖੇ ਗੁਰੂ ਰਵਿਦਾਸ ਮੈਮੋਰੀਅਲ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜਿਸ 'ਤੇ 37 ਕਰੋੜ ਰੁਪਏ ਦੀ ਲਾਗਤ ਆਉਣੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੈਮੀਨਾਰਾਂ ਦਾ ਉਦੇਸ਼ ਪੰਜਾਬ ਸਰਕਾਰ ਵਲੋਂ ਮਨੁੱਖਤਾਵਾਦੀ ਅਤੇ ਸਮਾਜਿਕ ਬਰਾਬਰਤਾ ਦਾ ਸੰਦੇਸ਼ ਦੇਣਾ ਹੈ ਤਾਂ ਜੋ ਪੰਜਾਬ ਨੂੰ ਤਰੱਕੀ ਦੀਆਂ ਹੋਰ ਬੁਲੰਦੀਆਂ 'ਤੇ ਲਿਜਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਾਕੂਮੈਂਟਰੀ ਸ਼ੋਅ ਤੋਂ ਇਲਾਵਾ ਡਰੋਨ ਸ਼ੋਅ ਵੀ ਕਰਵਾਏ ਜਾ ਰਹੇ ਹਨ। ਡਾ. ਮਨਜਿੰਦਰ ਸਿੰਘ ਪੰਜਾਬੀ ਵਿਭਾਗ ਦੇ ਮੁਖੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚਾ ਜੀਵਨ ਸਮਾਜਿਕ ਨਾ ਬਰਾਬਰਤਾ ਖਿਲਾਫ਼ ਆਵਾਜ਼ ਬੁਲੰਦ ਕਰਦਿਆਂ ਬੇਗਮਪੁਰਾ ਦਾ ਸੰਕਲਪ ਦਿੱਤਾ ਜਿਸ ਨੂੰ ਅਮਲੀ ਰੂਪ ਦੇਣ ਲਈ ਸਾਰਿਆਂ ਨੂੰ ਸਮਾਜ ਵਿਚ ਇਕਸਾਰ ਯਤਨ ਕਰਨੇ ਚਾਹੀਦੇ ਹਨ। ਡਾ. ਗੁਰਮੇਲ ਸਿੰਘ, ਵਾਈਸ ਚਾਂਸਲਰ, ਯੂਨੀਵਰਸਿਟੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਸਿੱਖਿਆਵਾਂ ਅਤੇ ਇਨ੍ਹਾਂ ਦੀ ਅਜੋਕੇ ਸਮੇਂ ਵਿਚ ਪ੍ਰਸੰਗਿਕਤਾ ਬਾਰੇ ਜਾਣਕਾਰੀ ਦਿੱਤੀ। ਯੂਨੀਵਰਸਿਟੀ ਵਲੋਂ ਆਈਆਂ ਸ਼ਖਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਮੈਡਮ ਵੀਰਪਾਲ ਕੌਰ, ਡਿਪਟੀ ਡਾਇਰੈਕਟਰ ਉਚੇਰੀ ਸਿੱਖਿਆ ਡਾ. ਮਨੀਸ਼ ਕੁਮਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪੰਜਾਬ ਸਰਕਾਰ ਨੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ 100 ਕਰੋੜ ਦਾ ਬਜਟ ਰੱਖਿਆ- ਪ੍ਰੋ: ਬਲਜਿੰਦਰ ਕੌਰ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜੋਤੀ ਜੋਤ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ☛ ਸ਼ਹੀਦੀ ਦਿਹਾੜਾ : ਸਿੱਖ ਕੌਮ ਹੀਰੇ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ☛ ਜਨਮ ਦਿਵਸ : ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ☛ ਜੋੜ ਮੇਲਾ ਪੁੱਤਰਾਂ ਦਾਨੀ ਬ੍ਰਹਮ ਗਿਆਨੀ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 10 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

☛ ਸ਼ੁੱਕਰਵਾਰ 10:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 10:30 ਭੋਗ ਪੈਣਗੇ।☛ ਹਰ ਐਤਵਾਰ 11 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਮਿੰਟ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਗਿਆਨੀ ਤਰਸੇਮ ਸਿੰਘ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਖੁੱਲ੍ਹੇ ਅਸਮਾਨ ਹੇਠ

# ਜੱਗੀ ਜੌਹਲ

ਨੌਂ ਸਾਲ ਸਲਾਖਾਂ ਪਿੱਛੇ ਲੰਘੇ,
ਪਰ ਸੋਚ ਨੂੰ ਕੈਦ ਨਾ ਕਰ ਸਕੇ,
ਇਲਜ਼ਾਮਾਂ ਦੇ ਲੰਮੇ ਸਾਏ ਹੇਠ,
ਉਸਦੇ ਹੌਸਲੇ ਨੂੰ ਨਾ ਹਰਾ ਸਕੇ।

ਜਦ ਜੱਗੀ ਜੇਲ੍ਹ ਦੇ ਦਰ ਤੋਂ ਨਿਕਲਿਆ,
ਚਿਹਰੇ 'ਤੇ ਮੁੜ ਮੁਸਕਾਨ ਸੀ,
ਸਭ ਤੋਂ ਪਹਿਲਾਂ ਰੱਬ ਦਾ ਸ਼ੁਕਰ ਕੀਤਾ,
ਦਿਲ ਅੰਦਰ ਉਹੀ ਅਰਦਾਸ ਸੀ।

ਬੰਦ ਪਰਿੰਦਾ ਜਦ ਬਾਹਰ ਆਇਆ,
ਖੁੱਲ੍ਹੇ ਅਕਾਸ਼ ਵਿੱਚ ਸਾਹ ਲਿਆ,
ਨੌਂ ਵਰ੍ਹਿਆਂ ਦੀ ਲੰਮੀ ਰਾਤ ਮਗਰੋਂ,
ਆਜ਼ਾਦ ਹਵਾ ਨੂੰ ਮਹਿਸੂਸ ਕੀਤਾ।

ਭਰਪੂਰ ਸਿੰਘ ਬਲਬੀਰ ਦੇ ਬੋਲ,
ਅੱਜ ਫਿਰ ਚੇਤੇ ਆਉਂਦੇ ਨੇ
"ਜੇ ਆਪਣਾ ਰਾਜ ਨਾ ਮਿਲਿਆ,
ਪੁੱਤ ਸਲਾਖਾਂ ਪਿੱਛੇ ਰੁਲਣਗੇ।"

ਜੇਲ੍ਹਾਂ ਅੰਦਰ ਜਵਾਨੀਆਂ ਰੁਲੀਆਂ,
ਪੀੜ੍ਹੀ ਦਰ ਪੀੜ੍ਹੀ ਸਜ਼ਾਵਾਂ ਝੱਲੀਆਂ।
ਸਿੰਘ ਫਿਰ ਵੀ ਚੜ੍ਹਦੀ ਕਲਾ ਵਿੱਚ ਰਹੇ,
ਹਰ ਔਖੀ ਘੜੀ ਨਾਲ ਲੋਹਾ ਲੈਂਦੇ ਰਹੇ।

ਵਾਹ ਓ ਰੱਬਾ! ਕਦ ਤੱਕ ਪੁੱਤ
ਆਪਣੇ ਸੁਪਨਿਆਂ ਦੀ ਕੀਮਤ ਭਰਨਗੇ?
ਆਪਣੇ ਘਰ ਤੇ ਆਜ਼ਾਦ ਦੇਸ਼ ਲਈ,
ਕਿੰਨੀਆਂ ਹੋਰ ਕੁਰਬਾਨੀਆਂ ਕਰਨਗੇ?

ਕੋਈ ਜੇਲ੍ਹਾਂ ਵਿੱਚ ਜਵਾਨੀ ਹਾਰ ਗਿਆ,
ਕੋਈ ਜਲਾਵਤਨੀ ਵਿੱਚ ਉਮਰ ਲੰਘਾਉਂਦਾ,



ਪਰ ਪੀੜ੍ਹੀ ਤੋਂ ਪੀੜ੍ਹੀ ਤੁਰਦਾ ਸੁਪਨਾ
ਹਰ ਵਾਰ ਨਵਾਂ ਦੀਵਾ ਜਗਾਉਂਦਾ।

ਲਹਿਰਾਂ ਉੱਠਦੀਆਂ, ਦਬਾਈਆਂ ਜਾਂਦੀਆਂ,
ਫਿਰ ਸਮੇਂ ਨਾਲ ਮੁੜ ਉੱਠਦੀਆਂ ਨੇ,
ਇਤਿਹਾਸ ਦੇ ਲੰਮੇ ਰਾਹਾਂ ਅੰਦਰ
ਨਵੀਆਂ ਆਸਾਂ ਫਿਰ ਜੰਮਦੀਆਂ ਨੇ।

ਸਾਬੀ ਆਖੇ..
ਮੈਂ ਰਹਾਂ ਭਾਵੇਂ ਨਾ ਰਹਾਂ,
ਮੇਰੀ ਕਲਮ ਇਹ ਗੱਲ ਲਿਖਦੀ ਰਹੇ,
ਜਿਸ ਆਜ਼ਾਦੀ ਦਾ ਸੁਪਨਾ
ਪੀੜ੍ਹੀਆਂ ਨੇ ਵੇਖਿਆ,
ਉਸਦੀ ਲੋਅ ਦਿਲਾਂ ਵਿੱਚ ਜਗਦੀ ਰਹੇ।

ਕਦੇ ਉਹ ਆਜ਼ਾਦ ਸਵੇਰਾ ਆਵੇ,
ਹਰ ਚਿਹਰਾ ਖੁਸ਼ੀਆਂ ਨਾਲ ਮੁਸਕਾਵੇ,
ਮੇਰੇ ਬੱਚੇ ਖੁੱਲ੍ਹੇ ਅਕਾਸ਼ ਹੇਠ ਜੀਣ,
ਆਜ਼ਾਦੀ ਦਾ ਨਿੱਘ ਰੱਜ-ਰੱਜ ਕੇ ਜੀਣ।

**-ਸਾਬੀ ਬਨੂੜ**

ਆਵਾਜ਼ਿ ਕੌਮ AWAZE QAUM International Newspaper & WEB TV



## ਅਸਲ ਦੇ ਵਿੱਚ ਚੋਰੀ ਤੇ ਨਸ਼ੇ ਦਾ ਬਹੁਤ ਡੂੰਘਾ ਲਿੰਕ ਹੈ

# ਚੋਰੀਆਂ ਬੰਦ ਕਰਨ ਲਈ ਸਭ ਤੋਂ ਪਹਿਲਾਂ ਨਸ਼ਾ ਬੰਦ ਕਰਨਾ ਅਤਿ-ਜ਼ਰੂਰੀ : ਰੁਸਤਮ ਮੋਰਿੰਡਾ

ਪੰਜਾਬ, ਜੋ ਕਦੇ ਆਪਣੀ ਅਣਖ, ਮਿਹਨਤ, ਅਤੇ ਹਰਿਆਵਲੀ ਕ੍ਰਾਂਤੀ ਲਈ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਸੀ, ਅੱਜ ਇੱਕ ਬਹੁਤ ਹੀ ਗੰਭੀਰ ਸਮਾਜਿਕ ਸੰਕਟ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਸੂਬੇ ਵਿੱਚ ਵਧ ਰਹੀਆਂ ਚੋਰੀਆਂ, ਡਕੈਤੀਆਂ ਅਤੇ ਲੁੱਟ-ਖਸੁੱਟ ਦੀਆਂ ਘਟਨਾਵਾਂ ਨੇ ਆਮ ਨਾਗਰਿਕਾਂ ਦਾ ਜੀਉਣਾ ਦੁੱਭਰ ਕਰ ਦਿੱਤਾ ਹੈ। ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਦਾ ਇਹ ਬਿਆਨ ਕਿ "ਚੋਰੀਆਂ ਬੰਦ ਕਰਨ ਲਈ ਨਸ਼ਾ ਬੰਦ ਕਰਨਾ ਜ਼ਰੂਰੀ ਹੈ÷, ਪੰਜਾਬ ਦੀ ਅਸਲ ਜਮੀਨੀ ਹਕੀਕਤ ਅਤੇ ਦਰਦ ਨੂੰ ਬਿਆਨ ਕਰਦਾ ਹੈ। ਇਹ ਕੋਈ ਸਾਧਾਰਨ ਬਿਆਨ ਨਹੀਂ, ਸਗੋਂ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਰੋਜ਼ਾਨਾ ਵਾਪਰ ਰਹੀਆਂ ਘਟਨਾਵਾਂ ਦਾ ਇੱਕ ਅਟੱਲ ਸੱਚ ਹੈ। ਜਦੋਂ ਤੱਕ ਅਸੀਂ ਅਪਰਾਧ ਦੀ ਇਸ ਜੜ੍ਹ ਯਾਨੀ ਨਸ਼ੇ ਨੂੰ ਨਿਸ਼ਾਨਾ ਨਹੀਂ ਬਣਾਉਂਦੇ, ਉਦੋਂ ਤੱਕ ਕਾਨੂੰਨ-ਵਿਵਸਥਾ ਵਿੱਚ ਸੁਧਾਰ ਦੀ ਆਸ ਰੱਖਣਾ ਬੇਮਾਨੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮਨੋਵਿਗਿਆਨਕ ਅਤੇ ਡਾਕਟਰੀ ਵਿਗਿਆਨ ਦੇ ਅਧਿਐਨਾਂ ਅਨੁਸਾਰ, ਸਿੰਥੈਟਿਕ ਨਸ਼ੇ (ਜਿਵੇਂ ਚਿੱਟਾ, ਹੈਰੋਇਨ ਜਾਂ ਹੋਰ ਰਸਾਇਣਕ ਨਸ਼ੇ) ਮਨੁੱਖੀ ਦਿਮਾਗ. ਦੇ ਉਸ ਹਿੱਸੇ 'ਤੇ ਕਾਬੂ ਪਾ ਲੈਂਦੇ ਹਨ ਜੋ ਸਹੀ ਅਤੇ ਗਲਤ ਦਾ ਫੈਸਲਾ ਕਰਦਾ ਹੈ। ਜਦੋਂ ਇੱਕ ਨਸ਼ੇੜੀ ਵਿਅਕਤੀ ਨੂੰ ਨਸ਼ੇ ਦੀ ਤੋੜ ਲੱਗਦੀ ਹੈ, ਤਾਂ ਉਸ ਦਾ ਸਰੀਰਕ ਅਤੇ ਮਾਨਸਿਕ ਸੰਤੁਲਨ ਵਿਗੜ ਜਾਂਦਾ ਹੈ। ਉਸ ਸਮੇਂ ਉਸ ਦਾ ਇੱਕੋ-ਇੱਕ ਮਕਸਦ ਕਿਸੇ ਵੀ ਕੀਮਤ 'ਤੇ ਨਸ਼ੇ ਦੀ ਅਗਲੀ ਖੁਰਾਕ ਹਾਸਲ ਕਰਨਾ ਹੁੰਦਾ ਹੈ। ਇਸ ਤੋੜ ਨੂੰ ਸ਼ਾਂਤ ਕਰਨ ਲਈ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਚੋਰੀ, ਝਪਟਮਾਰੀ , ਅਤੇ ਲੁੱਟ-ਪਾਟ ਦਾ ਰਸਤਾ ਚੁਣਦਾ ਹੈ। ਇਹ ਸਪਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਚੋਰੀ ਕੋਈ ਪੇਸ਼ੇਵਰ ਅਪਰਾਧ ਨਹੀਂ, ਸਗੋਂ ਨਸ਼ੇ ਦੀ ਲਤ ਦਾ ਇੱਕ ਸਿੱਧਾ ਨਤੀਜਾ ਹੈ।

ਰੁਸਤਮ ਮੋਰਿੰਡਾ ਹੋਰਾਂ ਦਾ ਇਹ ਬਿਆਨ ਕਿਸਾਨੀ ਸੰਘਰਸ਼ ਅਤੇ ਪਿੰਡਾ ਦੇ ਅਰਥਚਾਰੇ ਦੀ ਦ੍ਰਿਸ਼ਟੀ ਤੋਂ ਵੀ ਬਹੁਤ ਮਹੱਤਵਪੂਰਨ ਹੈ। ਪੰਜਾਬ ਦੇ ਪਿੰਡਾਂ ਵਿੱਚ ਅੱਜ-ਕੱਲ੍ਹ ਖੇਤਾਂ ਵਿੱਚੋਂ ਟਿਊਬਵੈੱਲਾਂ ਦੀਆਂ ਤਾਰਾਂ, ਮੋਟਰਾਂ, ਟਰਾਂਸਫਾਰਮਰਾਂ ਦਾ ਸਾਮਾਨ, ਅਤੇ ਘਰਾਂ ਵਿੱਚੋਂ ਗੈਸ ਸਿਲੰਡਰ ਜਾਂ ਬਰਤਨ ਤੱਕ ਚੋਰੀ ਹੋ ਰਹੇ ਹਨ। ਕਿਸਾਨ ਪਹਿਲਾਂ ਹੀ ਖੇਤੀ ਦੇ ਸੰਕਟ, ਕਰਜ਼ੇ ਅਤੇ ਮੌਸਮ ਦੀ ਮਾਰ ਨਾਲ ਜੂਝ ਰਿਹਾ ਹੈ ਉੱਪਰੋਂ ਰੋਜ਼ਾਨਾ ਹੁੰਦੀਆਂ ਇਹ ਛੋਟੀਆਂ-ਛੋਟੀਆਂ ਚੋਰੀਆਂ ਕਿਸਾਨੀ ਦਾ ਲੱਕ ਤੋੜ ਰਹੀਆਂ ਹਨ। ਇਨ੍ਹਾਂ ਚੋਰੀਆਂ ਦਾ ਮੁੱਖ ਕਾਰਨ ਪਿੰਡਾਂ ਦੇ ਗਲੀ-ਮੋੜਾਂ 'ਤੇ ਨਸ਼ੇੜੀ ਨੌਜਵਾਨਾਂ ਦਾ ਘੁੰਮਣਾ ਹੈ, ਜੋ ਕੁਝ ਸੌ ਰੁਪਏ ਦੇ ਨਸ਼ੇ ਲਈ ਹਜ਼ਾਰਾਂ-ਲੱਖਾਂ ਰੁਪਏ ਦਾ ਨੁਕਸਾਨ ਕਰ ਦਿੰਦੇ ਹਨ।

ਸਮਾਜਿਕ ਖੋਜਾਂ ਅਤੇ ਪੁਲਿਸ ਵਿਭਾਗ ਦੇ ਅੰਕੜੇ ਵੀ ਇਸ ਤਰਕ ਦੀ ਪ੍ਰੋੜਤਾ ਕਰਦੇ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਅਤੇ ਵਿਭਾਗੀ ਰਿਪੋਰਟਾਂ ਅਨੁਸਾਰ, ਪੰਜਾਬ ਵਿੱਚ ਝਪਟਮਾਰੀ ਅਤੇ ਛੋਟੀਆਂ ਚੋਰੀਆਂ ਦੇ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤੇ ਗਏ 70% ਤੋਂ 80% ਦੋਸ਼ੀ ਨਸ਼ੇ ਦੇ ਆਦੀ ਪਾਏ ਜਾਂਦੇ ਹਨ। ਇਹ ਪ੍ਰਮਾਣਿਤ ਬਾਤ ਹੈ ਕਿ ਅਪਰਾਧੀਆਂ ਦਾ ਇੱਕ ਵੱਡਾ ਹਿੱਸਾ ਕਿਸੇ ਵੱਡੇ ਗੈਂਗਸਟਰਵਾਦ ਤੋਂ ਨਹੀਂ, ਸਗੋਂ ਆਪਣੇ ਰੋਜ਼ਾਨਾ ਦੇ ਨਸ਼ੇ ਦੀ ਪੂਰਤੀ ਲਈ ਅਪਰਾਧ ਦੀ ਦੁਨੀਆ ਵਿੱਚ ਕਦਮ ਰੱਖਦਾ ਹੈ। ਜਦੋਂ ਤੱਕ ਨਸ਼ੇ ਦੀ ਸਪਲਾਈ ਚੇਨ ਨਹੀਂ ਟੁੱਟਦੀ, ਉਦੋਂ ਤੱਕ ਜੇਲ੍ਹਾਂ ਵਿੱਚ ਅਪਰਾਧੀਆਂ ਦੀ ਗਿਣਤੀ ਵਧਦੀ ਰਹੇਗੀ, ਪਰ ਅਪਰਾਧ ਘਟੇਗਾ ਨਹੀਂ।

ਪੰਜਾਬ ਵਿੱਚ ਆਰਥਿਕ ਅਸਮਾਨਤਾ, ਉਦਯੋਗਾਂ ਦੀ ਘਾਟ, ਅਤੇ ਯੋਗ ਰੋਜ਼ਗਾਰ ਨਾ ਮਿਲਣ ਕਰਕੇ ਨੌਜਵਾਨਾਂ ਵਿੱਚ ਨਿਰਾਸ਼ਾ ਫੈਲੀ ਹੋਈ ਹੈ। ਇਸ ਨਿਰਾਸ਼ਾ ਦੇ ਆਲਮ ਵਿੱਚ ਨੌਜਵਾਨ ਪਹਿਲਾਂ ਨਸ਼ੇ ਦੀ ਦਲਦਲ ਵਿੱਚ ਫਸਦੇ ਹਨ। ਜਦੋਂ ਘਰਦਿਆਂ ਵੱਲੋਂ ਪੈਸੇ ਮਿਲਣੇ ਬੰਦ ਹੋ ਜਾਂਦੇ ਹਨ ਜਾਂ ਘਰ ਦਾ ਸਾਮਾਨ ਮੁੱਕ ਜਾਂਦਾ ਹੈ, ਤਾਂ ਉਹ ਬਾਹਰ ਸਮਾਜ ਵਿੱਚ ਚੋਰੀਆਂ ਕਰਨ ਲੱਗ ਜਾਂਦੇ ਹਨ। ਇਹ ਇੱਕ ਅਜਿਹਾ ਘਾਤਕ ਚੱਕਰਵਿਊ ਹੈ, ਜਿੱਥੇ ਬੇਰੋਜ਼ਗਾਰੀ ਨਸ਼ੇ ਨੂੰ ਜਨਮ ਦਿੰਦੀ ਹੈ, ਨਸ਼ਾ ਚੋਰੀ ਨੂੰ ਜਨਮ ਦਿੰਦਾ ਹੈ, ਅਤੇ ਚੋਰੀ ਨੌਜਵਾਨਾਂ ਨੂੰ ਜੇਲ੍ਹ ਅਤੇ ਅਪਰਾਧ ਦੀ ਦੁਨੀਆ ਵਿੱਚ ਧੱਕ ਦਿੰਦੀ ਹੈ।

ਕਿਸਾਨ ਆਗੂ ਰੁਸਤਮ ਮੋਰਿੰਡਾ ਦਾ ਇਹ ਬਿਆਨ ਪ੍ਰਸ਼ਾਸਨ ਅਤੇ ਸਰਕਾਰਾਂ ਦੀ ਕਾਰਜਪ੍ਰਣਾਲੀ 'ਤੇ ਵੀ ਸਵਾਲ ਖੜ੍ਹੇ ਕਰਦਾ ਹੈ। ਅਕਸਰ ਦੇਖਿਆ ਜਾਂਦਾ ਹੈ ਕਿ ਪੁਲਿਸ ਚੋਰੀ ਹੋਣ ਤੋਂ ਬਾਅਦ ਚੋਰ ਨੂੰ ਫੜਨ ਦੀ ਕੋਸ਼ਿਸ਼ ਤਾਂ ਕਰਦੀ ਹੈ, ਪਰ ਉਸ ਜਗ੍ਹਾ 'ਤੇ ਕਾਰਵਾਈ ਨਹੀਂ ਕਰਦੀ ਜਿੱਥੇ ਨਸ਼ਾ ਸ਼ਰੇਆਮ ਵਿਕ ਰਿਹਾ ਹੁੰਦਾ ਹੈ। ਚੋਰੀ ਦੀ ਘਟਨਾ ਨੂੰ ਰੋਕਣ ਦਾ ਸਭ ਤੋਂ ਕਾਰਗਰ ਤਰੀਕਾ ਨਿਵਾਰਕ ਕਾਰਵਾਈ ਹੈ, ਜਿਸ ਦਾ ਮਤਲਬ ਹੈ ਨਸ਼ੇ ਦੇ ਤਸਕਰਾਂ 'ਤੇ ਸ਼ਿਕੰਜਾ ਕੱਸਣਾ। ਇਸ ਤੋਂ ਇਲਾਵਾ, ਸਮਾਜਿਕ ਪੱਧਰ 'ਤੇ ਵੀ ਪੰਚਾਇਤਾਂ, ਯੂਨੀਅਨਾਂ ਅਤੇ ਨੌਜਵਾਨ ਕਲੱਬਾਂ ਨੂੰ ਅੱਗੇ ਆ ਕੇ ਨਸ਼ਾ-ਮੁਕਤ ਪਿੰਡ ਬਣਾਉਣ ਲਈ ਪਹਿਲਕਦਮੀ ਕਰਨੀ ਪਵੇਗੀ।

ਸਿੱਟੇ ਵਜੋਂ ਇਹ ਕਿਹਾ ਜਾ ਸਕਦਾ ਹੈ ਕਿ ਰੁਸਤਮ ਮੋਰਿੰਡਾ (ਸੀਨੀਅਰ ਮੀਤ ਪ੍ਰਧਾਨ, 2™" ਪੁਆਧ) ਦਾ ਇਹ ਵਿਚਾਰ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਅਤਿ-ਜ਼ਰੂਰੀ ਹੈ। ਚੋਰੀਆਂ ਅਤੇ ਲੁੱਟਾਂ-ਖੋਹਾਂ ਨੂੰ ਰੋਕਣ ਲਈ ਕੇਵਲ ਪੁਲਿਸ ਦੇ ਪਹਿਰੇ ਵਧਾਉਣਾ ਹੀ ਕਾਫ਼ੀ ਨਹੀਂ ਹੈ, ਸਗੋਂ ਨਸ਼ੇ ਦੀ ਬੀਮਾਰੀ ਦਾ ਜੜ੍ਹੋਂ ਇਲਾਜ ਕਰਨਾ ਪਵੇਗਾ। ਸਰਕਾਰ ਨੂੰ ਚਾਹੀਦਾ ਹੈ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਵੱਡੇ ਮਗਰਮੱਛਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਨਸ਼ੇ ਦੀ ਲਤ ਵਿੱਚ ਫਸੇ ਨੌਜਵਾਨਾਂ ਨੂੰ ਅਪਰਾਧੀ ਮੰਨਣ ਦੀ ਬਜਾਏ ਮਰੀਜ਼ ਮੰਨ ਕੇ ਉਨ੍ਹਾਂ ਦਾ ਚੰਗੇ ਪੁਨਰਵਾਸ ਕੇਂਦਰਾਂ ਵਿੱਚ ਮੁਫ਼ਤ ਇਲਾਜ ਕਰਵਾਇਆ ਜਾਵੇ ਅਤੇ ਉਨ੍ਹਾਂ ਨੂੰ ਰੋਜ਼ਗਾਰ ਨਾਲ ਜੋੜਿਆ ਜਾਵੇ। ਜਦੋਂ ਪੰਜਾਬ ਨਸ਼ਾ-ਮੁਕਤ ਹੋਵੇਗਾ, ਤਾਂ ਅਪਰਾਧ ਅਤੇ ਚੋਰੀਆਂ ਆਪਣੇ-ਆਪ ਖ਼ਤਮ ਹੋ ਜਾਣਗੀਆਂ।

**-ਪਰਗਟ ਸਿੰਘ ਬਲਬੇੜਾ, 9022000070**

# ਵਿਰੋਧੀ ਆਗੂਆਂ ਤੇ ਵਰਕਰਾਂ ਨੂੰ ਦਬਾਉਣ ਲਈ ਸਰਕਾਰੀ ਜਾਂਚ ਏਜੰਸੀਆਂ ਦੀ ਕਥਿਤ ਦੁਰਵਰਤੋਂ ਕਰਨ ਦੇ ਸਾਬਕਾ ਵਿਧਾਇਕ ਸ: ਡੈਨੀ ਬੰਡਾਲਾ ਨੇ ਲਾਏ ਦੋਸ਼



**ਜੰਡਿਆਲਾ ਗੁਰੂ, 7 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਕਾਂਗਰਸ ਦੇ ਸੀਨੀਅਰ ਆਗੂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. 'ਤੇ ਵਿਰੋਧੀ ਆਗੂਆਂ ਅਤੇ ਵਰਕਰਾਂ ਨੂੰ ਦਬਾਉਣ ਲਈ ਸਰਕਾਰੀ ਜਾਂਚ ਏਜੰਸੀਆਂ ਦੀ ਕਥਿਤ ਦੁਰਵਰਤੋਂ ਕਰਨ ਦੇ ਦੋਸ਼ ਲਗਾਏ ਹਨ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਪਿੰਡ ਸਰਜਾ ਦੇ ਸਰਪੰਚ ਮਲਕੀਤ ਸਿੰਘ ਨੂੰ ਵਿਜੀਲੈਂਸ ਵੱਲੋਂ ਪੁੱਛਗਿੱਛ ਲਈ ਬੁਲਾਇਆ ਜਾਣਾ ਕਈ ਸਵਾਲ ਖੜ੍ਹੇ ਕਰਦਾ ਹੈ। ਡੈਨੀ ਬੰਡਾਲਾ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਕੇਂਦਰੀ ਜਾਂਚ ਏਜੰਸੀਆਂ ਦੀ ਕਥਿਤ ਦੁਰਵਰਤੋਂ 'ਤੇ ਸਵਾਲ ਚੁੱਕੇ ਜਾਂਦੇ ਹਨ ਤਾਂ ਪੰਜਾਬ ਸਰਕਾਰ ਨੂੰ ਵੀ ਦੱਸਣਾ ਚਾਹੀਦਾ ਹੈ ਕਿ ਚੋਣਾਂ ਤੋਂ ਠੀਕ ਪਹਿਲਾਂ ਵਿਜੀਲੈਂਸ ਦੀ ਕਾਰਵਾਈ ਕਿਉਂ ਯਾਦ ਆਈ। ਉਨ੍ਹਾਂ ਕਿਹਾ ਕਿ ਪੌਣੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਜੇਕਰ ਕੋਈ ਮਾਮਲਾ ਸੀ ਤਾਂ ਇਸ 'ਤੇ ਪਹਿਲਾਂ ਕਾਰਵਾਈ ਕਿਉਂ ਨਹੀਂ ਕੀਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਪਿੰਡ ਸਰਜਾ ਦੇ ਚੁਣੇ ਹੋਏ ਨੁਮਾਇੰਦਿਆਂ ਨਾਲ ਕਥਿਤ ਤੌਰ 'ਤੇ ਧੱਕੇਸ਼ਾਹੀ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਚਾਇਤ ਦੇ ਚਾਰ ਮੈਂਬਰਾਂ, ਜਿਨ੍ਹਾਂ ਵਿੱਚ ਤਿੰਨ ਔਰਤਾਂ ਸ਼ਾਮਲ ਹਨ, ਨੂੰ ਮੁਅੱਤਲ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਸਰਪੰਚ ਵੱਲੋਂ ਅਦਾਲਤ ਦਾ ਦਰਵਾਜ਼ਾ ਖੜਕਾਉਣ ਤੋਂ ਬਾਅਦ ਚਾਰੇ ਮੈਂਬਰ ਬਹਾਲ ਹੋ ਗਏ। ਕਾਂਗਰਸ ਆਗੂ ਨੇ ਕਿਹਾ ਕਿ ਪਿੰਡ ਸਰਜਾ ਨੂੰ ਜ਼ਿਲ੍ਹੇ ਦੇ ਵਿਕਸਿਤ ਪਿੰਡਾਂ ਵਿੱਚ ਸਨਮਾਨ ਮਿਲਿਆ ਹੈ ਅਤੇ ਇਸ ਦੀਆਂ ਪ੍ਰਾਪਤੀਆਂ ਦਾ ਸਿਹਰਾ ਪਿੰਡ ਦੇ ਲੋਕਾਂ ਅਤੇ ਪੰਚਾਇਤ ਦੀ ਮਿਹਨਤ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਵਿਕਾਸ ਕਾਰਜਾਂ ਲਈ ਸਨਮਾਨ ਪ੍ਰਾਪਤ ਕਰਨ ਵਾਲੇ ਪਿੰਡਾਂ ਦੀ ਉਦਾਹਰਨ ਦਿੰਦਿਆਂ ਉਹ ਮੌਜੂਦਾ ਸਰਕਾਰ ਨੂੰ ਚੁਣੌਤੀ ਦਿੰਦੇ ਹਨ ਕਿ ਉਹ ਆਪਣੇ ਕਾਰਜਕਾਲ ਦੌਰਾਨ ਵਿਕਾਸ ਲਈ ਸਨਮਾਨ ਪ੍ਰਾਪਤ ਕਰਨ ਵਾਲੀਆਂ ਪੰਚਾਇਤਾਂ ਦੇ ਨਾਮ ਜਨਤਕ ਕਰੇ। ਡੈਨੀ ਬੰਡਾਲਾ ਨੇ ਜੰਡਿਆਲਾ ਗੁਰੂ ਹਲਕੇ ਵਿੱਚ ਨਸ਼ੇ, ਅਪਰਾਧ ਅਤੇ ਭ੍ਰਿਸ਼ਟਾਚਾਰ ਦੀ ਸਥਿਤੀ 'ਤੇ ਵੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਇਲਾਕੇ ਵਿੱਚ ਦੋ ਨੌਜਵਾਨਾਂ ਦੀਆਂ ਲਾਸ਼ਾਂ ਮਿਲਣ ਦੀਆਂ ਘਟਨਾਵਾਂ ਨੇ ਕਾਨੂੰਨ-ਵਿਵਸਥਾ ਅਤੇ ਨਸ਼ੇ ਦੇ ਮਾਮਲੇ ਵਿੱਚ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀਆਂ ਨੂੰ ਦਬਾਉਣ ਦੀ ਬਜਾਏ ਸਰਕਾਰ ਨੂੰ ਇਲਾਕੇ ਵਿੱਚ ਨਸ਼ੇ ਅਤੇ ਅਪਰਾਧ ਨੂੰ ਰੋਕਣ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਵਰਕਰ ਸਰਕਾਰੀ ਦਬਾਅ ਤੋਂ ਡਰਨ ਵਾਲੇ ਨਹੀਂ ਹਨ ਅਤੇ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਸੰਘਰਸ਼ ਜਾਰੀ ਰੱਖਣਗੇ। ਉਨ੍ਹਾਂ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਕਿਹਾ ਕਿ ਜਨਤਾ ਵੱਲੋਂ ਮਿਲੀ ਸੱਤਾ ਨੂੰ ਹੰਕਾਰ ਦਾ ਕਾਰਨ ਨਾ ਬਣਾਇਆ ਜਾਵੇ ਅਤੇ ਸਰਕਾਰੀ ਏਜੰਸੀਆਂ ਦੀ ਕਥਿਤ ਦੁਰਵਰਤੋਂ ਕਰਨ ਦੀ ਬਜਾਏ ਆਪਣੇ ਹਲਕੇ ਦੀ ਕਾਰਗੁਜ਼ਾਰੀ ਵੱਲ ਧਿਆਨ ਦਿੱਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੌਕੇ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ ਸਰਜਾ ਸਾਬਕਾ ਸਰਪੰਚ, ਮਨਜਿੰਦਰ ਸਿੰਘ ਸਰਜਾ , ਰਣਜੀਤ ਸਿੰਘ, ਰਾਣਾ ਜੰਡ, ਪਰਮਿੰਦਰ ਸਿੰਘ ਰਿੰਪਣ, ਰਾਜਪਾਲ ਸਿੰਘ ਗੁਰਪਾਲ ਸਿੰਘ ਅਤੇ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 10 ਅਕਤੂਬਰ ਨੂੰ ਸੰਗਰੂਰ ਰੈਲੀ ਲਈ ਤਲਵਾੜਾ ਬਲਾਕ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਕੀਤੀ ਤਿਆਰੀ ਮੀਟਿੰਗ

**ਤਲਵਾੜਾ, ਹੁਸ਼ਿਆਰਪੁਰ, 7 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲੈ ਕੇ 10 ਅਕਤੂਬਰ ਨੂੰ ਕੀਤੇ ਜਾ ਰਹੀ ਮੁੱਖ ਮੰਤਰੀ ਭਗਵੰਤ ਮਾਨ ਦੇ ਦੀ ਸਰਕਾਰ ਦੇ ਖਿਲਾਫ ਸੰਗਰੂਰ ਦੀ ਰੈਲੀ ਦੀ ਤਿਆਰੀ ਸਬੰਧੀ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਬਲਾਕ ਤਲਵਾੜਾ ਵੱਲੋਂ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ ਅਤੇ ਸੰਘਰਸ਼ ਵਿੱਚ ਵੱਧ ਤੋਂ ਵੱਧ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੂਬਾ ਕਨਵੀਨਰ ਜਸਬੀਰ ਸਿੰਘ ਤਲਵਾੜਾ, ਬਲਾਕ ਕਨਵੀਨਰ ਨਿਰਮਲ ਸਿੰਘ ਬੱਧਣ, ਪ.ਸ.ਸ.ਫ. ਬਲਾਕ ਪ੍ਰਧਾਨ ਰਾਜੀਵ ਸ਼ਰਮਾ, ਪ.ਸ.ਸ.ਫ. ਬਲਾਕ ਸਕੱਤਰ ਵਰਿੰਦਰ ਬੀਕੀ, ਜੀ.ਟੀ.ਯੂ. ਬਲਾਕ ਪ੍ਰਧਾਨ ਨਰੇਸ਼ ਮਿਡਾ, ਪੈਨਸ਼ਨਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੇਹਰ ਸਿੰਘ ਅਤੇ ਕੁੰਦਨ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਕੀਤਾ ਜਾਵੇ।





# ਜਨਮ ਦਿਨ ਮੁਬਾਰਕ

**ਨਾਰਾਇਣਦੀਪ ਸਿੰਘ**
ਪਿਤਾ :-ਪੱਤਰਕਾਰ ਰਾਮ ਸ਼ਰਨਜੀਤ ਸਿੰਘ
ਮਾਤਾ :-ਕਮਲਦੀਪ ਕੌਰ
ਜੰਡਿਆਲਾ ਗੁਰੂ. ਅੰਮ੍ਰਿਤਸਰ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV